www.summerexpress.in

ਸਮਰ ਐਕਸਪ੍ਰੈੱਸ

R.N.I. NO. PUNPUN /2021/82833

•ਸਾਲ-5 •ਅੰਕ-24 • ਪੰਨੇ-08 • ਮੁੱਲ-5 ਰੁਪਏ • ਲੁਧਿਆਣਾ • ਬੁੱਧਵਾਰ 24 ਜੂਨ 2026 • ਗਰੁੱਪ ਐਡੀਟਰ: ਅਰਸ਼ਦੀਪ ਸਿੰਘ ਸਮਰ • ਐਗਜ਼ਿਕਿਊਟਿਵ : ਨਿਤਿਨ ਉਪਮਨਿਊ

ਚੰਡੀਗੜ੍ਹ ਵਿੱਚ ਸਮਰ ਨਿਊਜ਼ ਗਰੁੱਪ ਵੱਲੋਂ ਕਰਵਾਏ ਸਮਾਗਮ ਦੌਰਾਨ ਮੁੱਖ ਮੰਤਰੀ, ਵਿੱਤ ਮੰਤਰੀ, ਸੰਸਦ ਮੈਂਬਰ ਕੰਗ ਸਮੇਤ ਕਈ ਹਸਤੀਆਂ ਨੇ ਰੱਖੇ ਆਪਣੇ ਵਿਚਾਰ

ਰਾਈਜ਼ਿੰਗ ਪੰਜਾਬ ਸਮਿਟ 2026 'ਚ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਵਿਕਾਸ ਦਾ ਰੋਡਮੈਪ ਪੇਸ਼, ਪੰਜਾਬ ਦੇ ਵਿਕਾਸ ਦੀ ਦਿਸ਼ਾ ਕੀਤੀ ਸਾਂਝੀ

ਸਮਰ ਨਿਊਜ਼ | ਚੰਡੀਗੜ੍ਹ

ਸਮਰ ਨਿਊਜ਼ ਗਰੁੱਪ ਵੱਲੋਂ ਚੰਡੀਗੜ੍ਹ ਵਿੱਚ ਕਰਵਾਈ ਗਈ 'ਰਾਈਜ਼ਿੰਗ ਪੰਜਾਬ ਸਮਿਟ 2026' ਦੌਰਾਨ ਪੰਜਾਬ ਦੇ ਵਿਕਾਸ, ਨਿਵੇਸ਼, ਸਿਹਤ ਸੇਵਾਵਾਂ, ਮਹਿਲਾ ਸਸ਼ਕਤੀਕਰਨ ਅਤੇ ਆਰਥਿਕ ਸੁਧਾਰਾਂ ਨੂੰ ਲੈ ਕੇ ਵਿਸਥਾਰਪੂਰਵਕ ਚਰਚਾ ਹੋਈ। ਸਮਿਟ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਸਿਹਤ ਮੰਤਰੀ ਡਾ. ਬਲਬੀਰ ਸਿੰਘ, ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ, ਵਿਧਾਇਕ ਮਦਨ ਲਾਲ ਬੱਗਾ, ਵਿਧਾਇਕ ਰਾਜੇਸ਼ ਪਰਾਸ਼ਰ ਪੱਪੀ ਅਤੇ ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਸਮੇਤ ਕਈ ਪ੍ਰਮੁੱਖ ਹਸਤੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਸਮਰ ਨਿਊਜ਼ ਗਰੁੱਪ ਦੇ ਅੰਗਰੇਜ਼ੀ ਅਖ਼ਬਾਰ 'ਦ ਸਮਰ ਐਕਸਪ੍ਰੈਸ' ਦੇ ਪਹਿਲੇ ਐਡੀਸ਼ਨ ਦਾ ਲੋਕਾਰਪਣ ਕੀਤਾ। ਉਨ੍ਹਾਂ ਕਿਹਾ ਕਿ ਮੀਡੀਆ ਲੋਕਤੰਤਰ ਦਾ ਚੌਥਾ ਸਤੰਭ ਹੈ ਅਤੇ ਸੁਤੰਤਰ, ਨਿਰਪੱਖ ਅਤੇ ਜ਼ਿੰਮੇਵਾਰ ਪੱਤਰਕਾਰਤਾ ਸਮਾਜ ਨੂੰ ਸਹੀ ਦਿਸ਼ਾ ਦਿੰਦੀ ਹੈ। ਸਮਿਟ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੂੰ ਦੇਸ਼ ਦਾ ਅਗੇਤੂ ਸੂਬਾ ਬਣਾਉਣ ਲਈ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ। ਸਿੱਖਿਆ, ਸਿਹਤ, ਉਦਯੋਗ, ਖੇਤੀਬਾੜੀ ਅਤੇ ਬੁਨਿਆਦੀ ਢਾਂਚੇ ਵਿੱਚ ਮਹੱਤਵਪੂਰਨ ਸੁਧਾਰ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪਾਰਦਰਸ਼ੀ ਨੀਤੀਆਂ ਕਾਰਨ ਨਿਵੇਸ਼ ਵਿੱਚ ਵਾਧਾ ਹੋਇਆ ਹੈ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਬਣੇ ਹਨ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਚਾਰ ਸਾਲਾਂ ਵਿੱਚ 67,550 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ ਅਤੇ ਨਵੇਂ ਉਦਯੋਗਾਂ ਰਾਹੀਂ ਪੰਜ ਲੱਖ ਤੋਂ ਵੱਧ ਰੋਜ਼ਗਾਰ ਦੇ ਮੌਕੇ ਪੈਦਾ ਹੋਏ ਹਨ। ਉਨ੍ਹਾਂ ਕਿਹਾ, "ਮੇਰਾ ਹਰਾ ਪੈਨ ਹਮੇਸ਼ਾ ਪੰਜਾਬ ਅਤੇ ਪੰਜਾਬੀਆਂ ਦੀ ਤਰੱਕੀ ਲਈ ਹੀ ਚੱਲਿਆ ਹੈ।" ਸਮਿਟ ਦੌਰਾਨ ਉਨ੍ਹਾਂ ਕਿਹਾ, "ਮੈਂ ਮਿਸ਼ਨ 'ਤੇ ਹਾਂ, ਕਮਿਸ਼ਨ 'ਤੇ ਨਹੀਂ।" ਉਨ੍ਹਾਂ ਦੱਸਿਆ ਕਿ ਸੜਕ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਸਪੈਸ਼ਲ ਸੜਕ ਸੁਰੱਖਿਆ ਫੋਰਸ (SSF) ਦਾ ਗਠਨ ਕੀਤਾ ਗਿਆ, ਜਿਸ ਨਾਲ ਹਾਦਸਿਆਂ ਵਿੱਚ ਮੌਤਾਂ ਘਟੀਆਂ ਹਨ ਅਤੇ ਲੋਕਾਂ ਦਾ ਕੀਮਤੀ ਸਮਾਨ ਵੀ ਵਾਪਸ ਕਰਵਾਇਆ ਗਿਆ। ਭ੍ਰਿਸ਼ਟਾਚਾਰ 'ਤੇ ਨਕੇਲ ਕੱਸਣ ਲਈ ਸਰਕਾਰ ਨੇ ਕਈ ਪ੍ਰਸ਼ਾਸਨਿਕ ਸੁਧਾਰ ਵੀ ਕੀਤੇ ਹਨ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਰਕਾਰ ਵਿੱਤੀ ਅਨੁਸ਼ਾਸਨ ਅਤੇ ਪਾਰਦਰਸ਼ਤਾ ਨੂੰ ਪਹਿਲ ਦੇ ਰਹੀ ਹੈ। ਕਰ ਵਸੂਲੀ ਵਿੱਚ ਸੁਧਾਰ, ਭ੍ਰਿਸ਼ਟਾਚਾਰ 'ਤੇ ਕੰਟਰੋਲ ਅਤੇ ਸਰਕਾਰੀ ਸਰੋਤਾਂ ਦੀ ਸਹੀ ਵਰਤੋਂ ਯਕੀਨੀ ਬਣਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਰਹੇ ਹਨ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਆਧੁਨਿਕ ਅਤੇ ਏਆਈ ਆਧਾਰਿਤ ਸਿਹਤ ਸੇਵਾਵਾਂ ਨੂੰ ਤੇਜ਼ੀ ਨਾਲ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਸਰਕਾਰੀ ਹਸਪਤਾਲਾਂ ਅਤੇ ਪ੍ਰਾਇਮਰੀ ਹੈਲਥ ਸੈਂਟਰਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਬਿਹਤਰ ਇਲਾਜ ਮਿਲ ਸਕੇ। ਉਨ੍ਹਾਂ ਇਹ ਵੀ ਕਿਹਾ ਕਿ 'ਮਾਵਾਂ ਧੀਆਂ ਸਕੀਮ' ਦੀ ਅਗਲੀ ਕਿਸ਼ਤ ਜਲਦ ਜਾਰੀ ਕੀਤੀ ਜਾਵੇਗੀ। ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਸਰਕਾਰ ਨੌਜਵਾਨਾਂ ਨੂੰ ਰੋਜ਼ਗਾਰ, ਹੁਨਰ ਵਿਕਾਸ ਅਤੇ ਸਵੈ-ਰੋਜ਼ਗਾਰ ਨਾਲ ਜੋੜਨ ਲਈ ਲਗਾਤਾਰ ਯਤਨ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਨਹਿਰੀ ਪਾਣੀ ਨਾਲ ਸਿੰਚਾਈ ਦਾ ਰਕਬਾ 21 ਫੀਸਦੀ ਤੋਂ ਵਧ ਕੇ 70 ਫੀਸਦੀ ਤੱਕ ਪਹੁੰਚ ਗਿਆ ਹੈ ਅਤੇ ਰਵਾਇਤੀ ਖੇਡਾਂ ਨੂੰ ਵੀ ਉਤਸ਼ਾਹ ਦਿੱਤਾ ਜਾ ਰਿਹਾ ਹੈ। ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਕਿਹਾ ਕਿ ਮਹਿਲਾਵਾਂ ਦੀ ਸੁਰੱਖਿਆ ਅਤੇ ਸਸ਼ਕਤੀਕਰਨ ਸਰਕਾਰ ਦੀ ਪ੍ਰਾਥਮਿਕਤਾ ਹੈ। ਉਨ੍ਹਾਂ ਕਿਹਾ ਕਿ ਆਧੁਨਿਕ ਤਕਨਾਲੋਜੀ ਅਤੇ ਏਆਈ ਰਾਹੀਂ ਹੋ ਰਹੇ ਮਹਿਲਾਵਾਂ ਦੇ ਸ਼ੋਸ਼ਣ ਨੂੰ ਰੋਕਣ ਲਈ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਵਿਧਾਇਕ ਮਦਨ ਲਾਲ ਬੱਗਾ ਨੇ ਸ਼ਹਿਰੀ ਵਿਕਾਸ ਅਤੇ ਬੁਨਿਆਦੀ ਢਾਂਚੇ ਦੇ ਵਿਸਥਾਰ 'ਤੇ ਜ਼ੋਰ ਦਿੱਤਾ, ਜਦਕਿ ਵਿਧਾਇਕ ਰਾਜੇਸ਼ ਪਰਾਸ਼ਰ ਪੱਪੀ ਨੇ ਪੇਂਡੂ ਵਿਕਾਸ, ਸੜਕ ਨੈੱਟਵਰਕ ਅਤੇ ਲੋਕ ਸੁਵਿਧਾਵਾਂ ਨੂੰ ਮਜ਼ਬੂਤ ਬਣਾਉਣ ਲਈ ਸਰਕਾਰ ਦੇ ਯਤਨਾਂ ਦੀ ਸ਼ਲਾਘਾ ਕੀਤੀ। ਸਮਿਟ ਦੌਰਾਨ ਨਿਵੇਸ਼, ਉਦਯੋਗ, ਸਿੱਖਿਆ, ਸਿਹਤ, ਡਿਜ਼ਿਟਲ ਗਵਰਨੈਂਸ, ਮਹਿਲਾ ਸਸ਼ਕਤੀਕਰਨ ਅਤੇ ਰੋਜ਼ਗਾਰ ਸਿਰਜਣਾ ਵਰਗੇ ਵਿਸ਼ਿਆਂ 'ਤੇ ਵਿਸਥਾਰ ਨਾਲ ਚਰਚਾ ਹੋਈ। ਵਕਤਾਵਾਂ ਨੇ ਕਿਹਾ ਕਿ ਪੰਜਾਬ ਨੂੰ ਨਿਵੇਸ਼ ਅਤੇ ਨਵੀਨਤਾ ਦਾ ਕੇਂਦਰ ਬਣਾਉਣ ਲਈ ਸਰਕਾਰ, ਉਦਯੋਗ ਜਗਤ, ਸਮਾਜਿਕ ਸੰਸਥਾਵਾਂ ਅਤੇ ਆਮ ਲੋਕਾਂ ਵਿਚਕਾਰ ਬਿਹਤਰ ਤਾਲਮੇਲ ਬਹੁਤ ਜ਼ਰੂਰੀ ਹੈ। ਇਸ ਦੇ ਨਾਲ ਹੀ ਮੁੱਖ ਮੰਤਰੀ ਭਗਵੰਤ ਮਾਨ ਨੇ 'ਦ ਸਮਰ ਐਕਸਪ੍ਰੈਸ' ਦੇ ਅੰਗਰੇਜ਼ੀ ਐਡੀਸ਼ਨ ਦੇ ਲੋਕਾਰਪਣ ਮੌਕੇ ਕਿਹਾ ਕਿ ਮੀਡੀਆ ਸਰਕਾਰ ਅਤੇ ਲੋਕਾਂ ਵਿਚਕਾਰ ਇੱਕ ਮਜ਼ਬੂਤ ਪੁਲ ਦੀ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਇਹ ਪ੍ਰਕਾਸ਼ਨ ਭਵਿੱਖ ਵਿੱਚ ਵੀ ਨਿਰਪੱਖ ਅਤੇ ਲੋਕ ਹਿਤੈਸ਼ੀ ਪੱਤਰਕਾਰਤਾ ਰਾਹੀਂ ਸਮਾਜ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਂਦਾ ਰਹੇਗਾ। ਇਸ ਮੌਕੇ ਉਨ੍ਹਾਂ ਸਮਰ ਨਿਊਜ਼ ਗਰੁੱਪ ਦੀ ਪੂਰੀ ਟੀਮ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

ਮੁੱਖ ਮੰਤਰੀ ਨੇ 'ਦ ਸਮਰ ਐਕਸਪ੍ਰੈਸ' ਦੇ ਅੰਗਰੇਜ਼ੀ ਐਡੀਸ਼ਨ ਦਾ ਕੀਤਾ ਲੋਕਾਰਪਣ

ਸਮਰ ਨਿਊਜ਼ | ਚੰਡੀਗੜ੍ਹ

ਸਮਰ ਨਿਊਜ਼ ਗਰੁੱਪ ਵੱਲੋਂ ਆਯੋਜਿਤ ਰਾਈਜ਼ਿੰਗ ਪੰਜਾਬ ਸਮਿਟ 2026 ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੰਗਰੇਜ਼ੀ ਭਾਸ਼ਾ ਦੇ ਪਹਿਲੇ ਐਡੀਸ਼ਨ 'ਦ ਸਮਰ ਐਕਸਪ੍ਰੈਸ' ਦਾ ਵਿਧੀਵਤ ਲੋਕਾਰਪਣ ਕੀਤਾ। ਇਸ ਮੌਕੇ ਵੱਖ-ਵੱਖ ਖੇਤਰਾਂ ਦੀਆਂ ਨਾਮਵਰ ਸ਼ਖਸੀਅਤਾਂ, ਜਨ ਪ੍ਰਤੀਨਿਧੀਆਂ, ਪੱਤਰਕਾਰਾਂ, ਸਮਾਜ ਸੇਵਕਾਂ ਅਤੇ ਵੱਡੀ ਗਿਣਤੀ ਵਿੱਚ ਨਾਗਰਿਕਾਂ ਨੇ ਸ਼ਿਰਕਤ ਕੀਤੀ। ਇਸ ਦੇ ਨਾਲ ਹੀ ਸਮਰ ਨਿਊਜ਼ ਗਰੁੱਪ ਨੇ ਹਿੰਦੀ, ਪੰਜਾਬੀ ਅਤੇ ਅੰਗਰੇਜ਼ੀ ਭਾਸ਼ਾਵਾਂ ਵਿੱਚ ਅਖ਼ਬਾਰ ਪ੍ਰਕਾਸ਼ਿਤ ਕਰਕੇ ਪੱਤਰਕਾਰਤਾ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਹਿਚਾਣ ਹੋਰ ਮਜ਼ਬੂਤ ਕੀਤੀ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੀਡੀਆ ਲੋਕਤੰਤਰ ਦਾ ਚੌਥਾ ਸਤੰਭ ਹੈ ਅਤੇ ਸੁਤੰਤਰ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਸਮਾਜ ਨੂੰ ਸਹੀ ਦਿਸ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਕਿਹਾ ਕਿ ਮੀਡੀਆ ਸਿਰਫ਼ ਖ਼ਬਰਾਂ ਪਹੁੰਚਾਉਣ ਦਾ ਸਾਧਨ ਨਹੀਂ, ਸਗੋਂ ਸਰਕਾਰ ਅਤੇ ਲੋਕਾਂ ਵਿਚਕਾਰ ਇੱਕ ਮਜ਼ਬੂਤ ਪੁਲ ਵੀ ਹੈ। ਅੱਜ ਦੇ ਸਮੇਂ ਵਿੱਚ ਸਕਾਰਾਤਮਕ ਅਤੇ ਤੱਥਾਂ 'ਤੇ ਆਧਾਰਿਤ ਪੱਤਰਕਾਰਤਾ ਦੀ ਲੋੜ ਪਹਿਲਾਂ ਨਾਲੋਂ ਕਈ ਗੁਣਾ ਵੱਧ ਗਈ ਹੈ। ਉਨ੍ਹਾਂ ਕਿਹਾ ਕਿ 'ਦ ਸਮਰ ਐਕਸਪ੍ਰੈਸ' ਵਰਗੇ ਪ੍ਰਕਾਸ਼ਨ ਸਮਾਜ ਦੇ ਮਹੱਤਵਪੂਰਨ ਮੁੱਦਿਆਂ ਦੇ ਨਾਲ-ਨਾਲ ਵਿਕਾਸ ਅਤੇ ਲੋਕ ਹਿੱਤ ਨਾਲ ਜੁੜੇ ਵਿਸ਼ਿਆਂ ਨੂੰ ਵੀ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਉਣਗੇ।

ਸਮਾਜ ਦੀ ਆਵਾਜ਼ ਨੂੰ ਬੁਲੰਦ ਕਰਦਾ ਰਹੇਗਾ 'ਦ ਸਮਰ ਐਕਸਪ੍ਰੈਸ' : ਮਾਨ

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਪਾਰਦਰਸ਼ਤਾ, ਜਵਾਬਦੇਹੀ ਅਤੇ ਲੋਕ ਭਲਾਈ ਦੇ ਸਿਧਾਂਤਾਂ 'ਤੇ ਕੰਮ ਕਰ ਰਹੀ ਹੈ ਅਤੇ ਸਰਕਾਰ ਦੀਆਂ ਯੋਜਨਾਵਾਂ ਅਤੇ ਉਪਲਬਧੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਮੀਡੀਆ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ 'ਦ ਸਮਰ ਐਕਸਪ੍ਰੈਸ' ਭਵਿੱਖ ਵਿੱਚ ਵੀ ਨਿਰਪੱਖ ਅਤੇ ਲੋਕ ਹਿੱਤੈਸ਼ੀ ਪੱਤਰਕਾਰਤਾ ਰਾਹੀਂ ਸਮਾਜ ਦੀ ਆਵਾਜ਼ ਨੂੰ ਬੁਲੰਦ ਕਰਦਾ ਰਹੇਗਾ। ਇਸ ਮੌਕੇ ਮੁੱਖ ਮੰਤਰੀ ਨੇ ਸਮਰ ਨਿਊਜ਼ ਗਰੁੱਪ ਦੀ ਸਮੁੱਚੀ ਟੀਮ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਮੀਡੀਆ ਅਦਾਰਿਆਂ ਨੂੰ ਸਮਾਜ ਵਿੱਚ ਜਾਗਰੂਕਤਾ ਫੈਲਾਉਣ, ਨੌਜਵਾਨਾਂ ਨੂੰ ਪ੍ਰੇਰਿਤ ਕਰਨ ਅਤੇ ਸਕਾਰਾਤਮਕ ਬਦਲਾਅ ਲਿਆਉਣ ਲਈ ਲਗਾਤਾਰ ਯਤਨ ਕਰਦੇ ਰਹਿਣਾ ਚਾਹੀਦਾ ਹੈ। ਸਮਾਗਮ ਦੌਰਾਨ ਹਾਜ਼ਰ ਪਤਵੰਤਿਆਂ ਨੇ ਵੀ 'ਦ ਸਮਰ ਐਕਸਪ੍ਰੈਸ' ਦੇ ਪਹਿਲੇ ਅੰਗਰੇਜ਼ੀ ਐਡੀਸ਼ਨ ਦੀ ਸ਼ਲਾਘਾ ਕਰਦਿਆਂ ਇਸ ਨੂੰ ਸਮਾਜ ਅਤੇ ਪਾਠਕਾਂ ਲਈ ਲਾਭਦਾਇਕ ਪ੍ਰਕਾਸ਼ਨ ਕਰਾਰ ਦਿੱਤਾ। ਵਕਤਾਵਾਂ ਨੇ ਕਿਹਾ ਕਿ ਅਖ਼ਬਾਰ ਲੋਕਤੰਤਰ ਦੇ ਚੌਥੇ ਸਤੰਭ ਵਜੋਂ ਲੋਕਾਂ ਦੀ ਆਵਾਜ਼ ਨੂੰ ਸਰਕਾਰ ਅਤੇ ਪ੍ਰਸ਼ਾਸਨ ਤੱਕ ਪਹੁੰਚਾਉਣ ਦਾ ਅਹਿਮ ਕੰਮ ਕਰਦੇ ਹਨ। ਸਮਾਗਮ ਦੇ ਅੰਤ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਦ ਸਮਰ ਐਕਸਪ੍ਰੈਸ' ਦੇ ਵਿਸ਼ੇਸ਼ ਐਡੀਸ਼ਨ ਦਾ ਵਿਮੋਚਨ ਕੀਤਾ ਅਤੇ ਪ੍ਰਕਾਸ਼ਨ ਗਰੁੱਪ ਦੇ ਨੁਮਾਇੰਦਿਆਂ ਨਾਲ ਗੱਲਬਾਤ ਵੀ ਕੀਤੀ। ਹਾਜ਼ਰ ਲੋਕਾਂ ਨੇ ਇਸ ਪਹਿਲ ਨੂੰ ਪੱਤਰਕਾਰਤਾ ਦੇ ਖੇਤਰ ਵਿੱਚ ਇੱਕ ਸਕਾਰਾਤਮਕ ਅਤੇ ਸ਼ਲਾਘਾਯੋਗ ਕਦਮ ਦੱਸਿਆ।

ਪੰਜਾਬ ਪੁਲਿਸ, ਕੇਂਦਰੀ ਏਜੰਸੀਆਂ ਤੇ ਰੋਇਲ ਮਲੇਸ਼ੀਆ ਪੁਲਿਸ ਦੀ ਸਾਂਝੀ ਕਾਰਵਾਈ, ਕੇਜ਼ੈਡਐੱਫ ਨਾਲ ਜੁੜੇ ਦੋ ਅੱਤਵਾਦੀ ਗ੍ਰਿਫ਼ਤਾਰ

ਸਮਰ ਨਿਊਜ਼ | ਮੋਹਾਲੀ

ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਅਤੇ ਰੋਇਲ ਮਲੇਸ਼ੀਆ ਪੁਲਿਸ (RMP) ਦੇ ਸਹਿਯੋਗ ਨਾਲ ਪਾਬੰਦੀਸ਼ੁਦਾ ਖਾਲਿਸਤਾਨ ਜ਼ਿੰਦਾਬਾਦ ਫੋਰਸ (KZF) ਨਾਲ ਜੁੜੇ ਦੋ ਅੱਤਵਾਦੀਆਂ ਨੂੰ ਮਲੇਸ਼ੀਆ ਤੋਂ ਡਿਪੋਰਟ ਕਰਵਾ ਕੇ ਦਿੱਲੀ ਹਵਾਈ ਅੱਡੇ ਤੋਂ ਗ੍ਰਿਫ਼ਤਾਰ ਕੀਤਾ ਹੈ। ਦੋਵਾਂ ਨੂੰ ਇੰਟੈਲੀਜੈਂਸ ਆਧਾਰਿਤ ਆਪਰੇਸ਼ਨ ਤਹਿਤ ਭਾਰਤ ਲਿਆਂਦਾ ਗਿਆ। ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਵਾਂ ਮੁਲਜ਼ਮਾਂ ਦੀ ਪਛਾਣ ਗੁਰਵਿੰਦਰ ਸਿੰਘ (ਵਾਸੀ ਅੰਬਾਲਾ) ਅਤੇ ਮਨਜੀਤ ਸਿੰਘ (ਵਾਸੀ ਪਟਿਆਲਾ) ਵਜੋਂ ਹੋਈ ਹੈ। ਦੋਵੇਂ ਮਲੇਸ਼ੀਆ ਵਿੱਚ ਬੈਠ ਕੇ KZF ਦੇ ਸਮਰਥਿਤ ਅੱਤਵਾਦੀ ਮਾਡਿਊਲ ਦੇ ਮੁੱਖ ਨੈੱਟਵਰਕ ਵਜੋਂ ਕੰਮ ਕਰ ਰਹੇ ਸਨ ਅਤੇ ਅੱਤਵਾਦੀ ਗਤੀਵਿਧੀਆਂ ਲਈ ਫੰਡਿੰਗ ਕਰਦੇ ਸਨ। ਡੀਜੀਪੀ ਨੇ ਦੱਸਿਆ ਕਿ ਦੋਵੇਂ ਮੁਲਜ਼ਮ ਪੰਜਾਬ ਦੇ ਮਹੱਤਵਪੂਰਨ ਰੇਲਵੇ ਢਾਂਚੇ, ਖ਼ਾਸ ਕਰਕੇ ਡੈਡੀਕੇਟਿਡ ਫ੍ਰੇਟ ਕੋਰੀਡੋਰ ਨੂੰ ਨਿਸ਼ਾਨਾ ਬਣਾਉਣ ਦੀ ਸਾਜ਼ਿਸ਼ ਵਿੱਚ ਵੀ ਸ਼ਾਮਲ ਸਨ। ਪੰਜਾਬ ਪੁਲਿਸ ਨੇ ਇਸੇ ਸਾਲ 23 ਜਨਵਰੀ ਨੂੰ ਸਰਹਿੰਦ (ਫਤਿਹਗੜ੍ਹ ਸਾਹਿਬ) ਨੇੜੇ ਫ੍ਰੇਟ ਕੋਰੀਡੋਰ ਰੇਲ ਲਾਈਨ 'ਤੇ ਹੋਏ IED ਧਮਾਕੇ ਅਤੇ 27 ਅਪ੍ਰੈਲ ਨੂੰ ਸ਼ੰਭੂ (ਪਟਿਆਲਾ) ਨੇੜੇ ਇਸੇ ਕੋਰੀਡੋਰ 'ਤੇ ਧਮਾਕੇ ਦੀ ਕੋਸ਼ਿਸ਼ ਕਰਨ ਵਾਲੇ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼ ਕੀਤਾ ਸੀ। ਵਿਦੇਸ਼ੀ ਖਾਤਿਆਂ ਰਾਹੀਂ ਹੋ ਰਹੀ ਸੀ ਟੈਰਰ ਫੰਡਿੰਗ ਗੌਰਵ ਯਾਦਵ ਨੇ ਦੱਸਿਆ ਕਿ ਅੰਤਰਰਾਸ਼ਟਰੀ ਸਾਜ਼ਿਸ਼ ਦੀ ਜਾਂਚ ਦੌਰਾਨ ਮਲੇਸ਼ੀਆ ਵਿੱਚ ਸਰਗਰਮ KZF ਦੇ ਹੈਂਡਲਰਾਂ ਅਤੇ ਫੰਡ ਮੁਹੱਈਆ ਕਰਵਾਉਣ ਵਾਲਿਆਂ ਦੇ ਨੈੱਟਵਰਕ ਦਾ ਖੁਲਾਸਾ ਹੋਇਆ ਸੀ।

ਡਿਪੋਰਟ ਕੀਤੇ ਗਏ ਦੋਵੇਂ ਮੁਲਜ਼ਮ ਵਿਦੇਸ਼ੀ ਬੈਂਕ ਖਾਤਿਆਂ ਰਾਹੀਂ ਪੰਜਾਬ ਵਿੱਚ KZF ਦੇ ਗੁਰਗਿਆਂ ਤੱਕ ਅੱਤਵਾਦੀ ਗਤੀਵਿਧੀਆਂ ਲਈ ਪੈਸਾ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਸਨ, ਤਾਂ ਜੋ ਸੂਬੇ ਵਿੱਚ ਅੱਤਵਾਦੀ ਹਮਲੇ ਕਰਵਾ ਕੇ ਕਾਨੂੰਨ-ਵਿਵਸਥਾ ਨੂੰ ਭੰਗ ਕੀਤਾ ਜਾ ਸਕੇ। ਗ੍ਰਿਫ਼ਤਾਰੀ ਤੋਂ ਬਾਅਦ ਦੋਵੇਂ ਮੁਲਜ਼ਮਾਂ ਨੂੰ ਪਟਿਆਲਾ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਉਨ੍ਹਾਂ ਨੂੰ ਹੋਰ ਪੁੱਛਗਿੱਛ ਲਈ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਗਿਆ ਹੈ। ਪੁਲਿਸ ਇਸ ਪੂਰੀ ਸਾਜ਼ਿਸ਼ ਨਾਲ ਜੁੜੇ ਹੋਰ ਵਿਅਕਤੀਆਂ ਦੀ ਪਛਾਣ ਕਰਨ ਅਤੇ ਪੂਰੇ ਅੱਤਵਾਦੀ ਨੈੱਟਵਰਕ ਨੂੰ ਤਬਾਹ ਕਰਨ ਲਈ ਜਾਂਚ ਜਾਰੀ ਰੱਖੀ ਹੋਈ ਹੈ। ਜ਼ਿਕਰਯੋਗ ਹੈ ਕਿ ਫਤਿਹਗੜ੍ਹ ਸਾਹਿਬ ਅਤੇ ਪਟਿਆਲਾ ਦੇ ਸ਼ੰਭੂ ਵਿੱਚ ਹੋਏ ਧਮਾਕਿਆਂ ਦੀ ਜਾਂਚ ਦੌਰਾਨ ਪੰਜਾਬ ਪੁਲਿਸ ਪਹਿਲਾਂ ਹੀ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਚੁੱਕੀ ਹੈ। ਉਨ੍ਹਾਂ ਕੋਲੋਂ ਇੱਕ ਆਰਪੀਜੀ ਲਾਂਚਰ, ਇੱਕ IED, RDX, ਹੈਂਡ ਗ੍ਰਨੇਡ, ਕਾਰਤੂਸਾਂ ਸਮੇਤ ਉੱਚ-ਸਤ੍ਹਾ ਦੀਆਂ ਪਿਸਤੌਲਾਂ ਅਤੇ ਹੋਰ ਫੌਜੀ ਹਥਿਆਰ ਬਰਾਮਦ ਹੋਏ ਸਨ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਹੁਣ ਡਿਪੋਰਟ ਕੀਤੇ ਗਏ ਇਹ ਦੋਵੇਂ ਅੱਤਵਾਦੀ ਇਸ ਮਾਡਿਊਲ ਨੂੰ ਫੰਡਿੰਗ ਮੁਹੱਈਆ ਕਰਵਾ ਰਹੇ ਸਨ। ਪੰਜਾਬ ਪੁਲਿਸ ਨੇ ਕਿਹਾ ਹੈ ਕਿ ਸੂਬੇ ਵਿੱਚ ਅੱਤਵਾਦੀ ਗਤੀਵਿਧੀਆਂ, ਟੈਰਰ ਫੰਡਿੰਗ ਨੈੱਟਵਰਕ ਅਤੇ ਵਿਦੇਸ਼ਾਂ ਤੋਂ ਚਲਾਏ ਜਾ ਰਹੇ ਅੱਤਵਾਦੀ ਮਾਡਿਊਲਾਂ ਖ਼ਿਲਾਫ਼ ਕਾਰਵਾਈ ਲਗਾਤਾਰ ਜਾਰੀ ਰਹੇਗੀ, ਤਾਂ ਜੋ ਪੰਜਾਬ ਵਿੱਚ ਅਮਨ-ਸ਼ਾਂਤੀ ਅਤੇ ਆਪਸੀ ਭਾਈਚਾਰਾ ਕਾਇਮ ਰੱਖਿਆ ਜਾ ਸਕੇ।

ਅੰਮ੍ਰਿਤਸਰ ਸਰਹੱਦੀ ਖੇਤਰ 'ਚ BSF ਨੇ AK-47 ਸਮੇਤ ਭਾਰੀ ਹਥਿਆਰ ਕੀਤਾ ਬਰਾਮਦ

ਸਮਰ ਨਿਊਜ਼ | ਚੰਡੀਗੜ੍ਹ

ਅੰਮ੍ਰਿਤਸਰ ਦੇ ਅਜਨਾਲਾ ਇਲਾਕੇ ਵਿੱਚ ਬਾਰਡਰ ਸੁਰੱਖਿਆ ਬਲ (BSF) ਨੇ ਵੱਡੀ ਕਾਰਵਾਈ ਕਰਦਿਆਂ ਭਾਰੀ ਮਾਤਰਾ ਵਿੱਚ ਆਧੁਨਿਕ ਹਥਿਆਰਾਂ ਦਾ ਜ਼ਖੀਰਾ ਬਰਾਮਦ ਕੀਤਾ ਹੈ। BSF ਦੀ 117 ਬਟਾਲੀਅਨ ਨੇ ਖੁਫੀਆ ਸੂਚਨਾ ਦੇ ਆਧਾਰ 'ਤੇ ਹਰੜ ਖੁਰਦ ਪਿੰਡ ਨੇੜੇ ਇੱਕ ਭਾਰਤੀ ਨਾਗਰਿਕ ਨੂੰ ਹਿਰਾਸਤ ਵਿੱਚ ਲਿਆ, ਜਿਸ ਦੀ ਨਿਸ਼ਾਨਦੇਹੀ 'ਤੇ ਇਹ ਹਥਿਆਰ ਬਰਾਮਦ ਕੀਤੇ ਗਏ। ਬੀਐਸਐਫ ਨੂੰ ਵੀਰਵਾਰ ਰਾਤ ਇੱਕ ਖਾਸ ਖੁਫੀਆ ਜਾਣਕਾਰੀ ਮਿਲੀ ਸੀ, ਜਿਸ ਤੋਂ ਬਾਅਦ ਥਾਣਾ ਅਜਨਾਲਾ (ਅੰਮ੍ਰਿਤਸਰ ਦਿਹਾਤੀ) ਦੇ ਅਧੀਨ ਹਰੜ ਖੁਰਦ ਪਿੰਡ ਵਿੱਚ ਸਾਂਝੀ ਕਾਰਵਾਈ ਕੀਤੀ ਗਈ। ਬਰਾਮਦ ਕੀਤੇ ਗਏ ਸਮਾਨ ਵਿੱਚ ਇੱਕ AK-47 ਰਾਈਫਲ, 25 ਪਿਸਤੌਲ, 47 ਪਿਸਤੌਲ ਮੈਗਜ਼ੀਨ, ਇੱਕ ਬੁਲੇਟਪਰੂਫ ਜੈਕਟ ਅਤੇ 368 ਜ਼ਿੰਦਾ ਕਾਰਤੂਸ ਸ਼ਾਮਲ ਹਨ। ਸੁਰੱਖਿਆ ਏਜੰਸੀਆਂ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰ ਰਹੀਆਂ ਹਨ ਅਤੇ ਇਹ ਪਤਾ ਲਗਾਇਆ ਜਾ ਰਿਹਾ ਹੈ ਕਿ ਇਹ ਹਥਿਆਰ ਕਿਸ ਮਾਡਿਊਲ ਲਈ ਮੰਗਵਾਏ ਗਏ ਸਨ। GPS ਰਾਹੀਂ ਭੇਜੇ ਜਾ ਰਹੇ ਹਨ ਹਥਿਆਰ ਅਤੇ ਨਸ਼ਾ ਪੰਜਾਬ ਸਰਕਾਰ ਵੱਲੋਂ ਸਰਹੱਦੀ ਇਲਾਕਿਆਂ ਵਿੱਚ ਐਂਟੀ-ਡਰੋਨ ਸਿਸਟਮ ਲਗਾਏ ਗਏ ਹਨ। ਇਸ ਦੇ ਬਾਵਜੂਦ ਤਸਕਰ ਹੁਣ GPS ਤਕਨਾਲੋਜੀ ਦੀ ਵਰਤੋਂ ਕਰਕੇ ਪਾਕਿਸਤਾਨ ਵੱਲੋਂ ਹਥਿਆਰ ਅਤੇ ਨਸ਼ੀਲੇ ਪਦਾਰਥ ਭੇਜਣ ਦੀ ਕੋਸ਼ਿਸ਼ ਕਰ ਰਹੇ ਹਨ। ਡੀਆਈਜੀ ਬਾਰਡਰ ਰੇਂਜ ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਪੁਲਿਸ ਅਤੇ BSF ਆਪਸੀ ਤਾਲਮੇਲ ਨਾਲ ਇਨ੍ਹਾਂ ਗਤੀਵਿਧੀਆਂ ਨੂੰ ਰੋਕਣ ਲਈ ਨਵੀਂ ਤਕਨੀਕ 'ਤੇ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਦੇ ਮੁਕਾਬਲੇ ਸਰਹੱਦੀ ਖੇਤਰਾਂ ਵਿੱਚ ਹਾਲਾਤ ਕਾਫ਼ੀ ਬਿਹਤਰ ਹੋਏ ਹਨ। ਜਨਵਰੀ ਤੋਂ ਜੂਨ 2026 ਤੱਕ ਅੰਮ੍ਰਿਤਸਰ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਨੇ ਸਰਹੱਦ ਪਾਰੋਂ ਚੱਲ ਰਹੇ ਅੱਤਵਾਦੀ ਅਤੇ ਗੈਂਗਸਟਰ ਨੈੱਟਵਰਕਾਂ ਖ਼ਿਲਾਫ਼ ਕਈ ਸਫ਼ਲ ਆਪਰੇਸ਼ਨ ਕੀਤੇ ਹਨ। 29 ਜਨਵਰੀ 2026: ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਓਥੀਆਂ ਪਿੰਡ ਨੇੜੇ ਵਿਲੇਜ ਡਿਫੈਂਸ ਕਮੇਟੀ ਦੀ ਮਦਦ ਨਾਲ ਇੱਕ ਵੱਡੇ ਨਾਰਕੋ-ਟੈਰਰ ਮਾਡਿਊਲ ਦਾ ਪਰਦਾਫਾਸ਼ ਕੀਤਾ।

ਇੱਕ ਸਟਾਰ ਮਾਰਕ ਪਿਸਤੌਲ, 46 ਜ਼ਿੰਦਾ ਕਾਰਤੂਸ, 4 ਹੈਂਡ ਗ੍ਰਨੇਡ ਅਤੇ ਲਗਭਗ 43 ਕਿਲੋ ਹੈਰੋਇਨ ਬਰਾਮਦ ਕੀਤੀ ਗਈ ਅਤੇ ਦੋ ਮੁਲਜ਼ਮ ਗ੍ਰਿਫ਼ਤਾਰ ਕੀਤੇ ਗਏ। ਜਾਂਚ ਵਿੱਚ ਸਾਹਮਣੇ ਆਇਆ ਕਿ ਹਥਿਆਰ ਡਰੋਨ ਰਾਹੀਂ ਪਾਕਿਸਤਾਨ ਤੋਂ ਭੇਜੇ ਗਏ ਸਨ। 14 ਮਾਰਚ 2026: ਮੁਹਾਵਾ ਪਿੰਡ ਵਿੱਚ ISI ਸਮਰਥਿਤ ਅਤੇ ਵਿਦੇਸ਼ੀ ਗੈਂਗਸਟਰਾਂ ਨਾਲ ਜੁੜੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ AK-47 ਰਾਈਫਲ, ਦੋ ਮੈਗਜ਼ੀਨ, 36 ਰਾਊਂਡ ਅਤੇ ਆਸਟਰੀਆ ਬਣੀਆਂ ਤਿੰਨ ਗਲੌਕ ਪਿਸਤੌਲਾਂ ਬਰਾਮਦ ਕੀਤੀਆਂ ਗਈਆਂ। ਇਸ ਮਾਮਲੇ ਵਿੱਚ ਸੂਰਜ ਅਤੇ ਰੋਹਿਤ ਨੂੰ ਗ੍ਰਿਫ਼ਤਾਰ ਕੀਤਾ ਗਿਆ। 16 ਅਪ੍ਰੈਲ 2026: ਪੰਜਾਬ ਪੁਲਿਸ ਦੀ ਕਾਊਂਟਰ ਇੰਟੈਲੀਜੈਂਸ ਵਿੰਗ ਅਤੇ ਸਟੇਟ ਸਪੈਸ਼ਲ ਆਪਰੇਸ਼ਨ ਸੈੱਲ ਨੇ ISI ਸਮਰਥਿਤ ਇੱਕ ਹੋਰ ਟੈਰਰ ਮਾਡਿਊਲ ਦਾ ਭੰਡਾਫੋੜ ਕਰਕੇ 2 ਵਿਦੇਸ਼ੀ ਪਿਸਤੌਲਾਂ ਅਤੇ 4 ਹੈਂਡ ਗ੍ਰਨੇਡ ਬਰਾਮਦ ਕੀਤੇ। 14 ਮਈ 2026: ਜੇਲ੍ਹ ਤੋਂ ਰਿਹਾਅ ਹੋਏ ਅਪਰਾਧੀ ਆਕਾਸ਼ਦੀਪ ਦੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ 6 ਪਿਸਤੌਲਾਂ ਅਤੇ 14 ਕਾਰਤੂਸ ਬਰਾਮਦ ਕੀਤੇ ਗਏ। 27 ਮਈ 2026: ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ 5 ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ ਕਈ ਆਧੁਨਿਕ ਪਿਸਤੌਲਾਂ ਬਰਾਮਦ ਕੀਤੀਆਂ ਗਈਆਂ। 17-18 ਜੂਨ 2026: ਦੋ ਵੱਖ-ਵੱਖ ਆਪਰੇਸ਼ਨਾਂ ਵਿੱਚ ਕਮਿਸ਼ਨਰੇਟ ਪੁਲਿਸ ਨੇ 8 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 11 ਆਧੁਨਿਕ ਪਿਸਤੌਲਾਂ ਬਰਾਮਦ ਕੀਤੀਆਂ, ਜਿਨ੍ਹਾਂ ਵਿੱਚ ਚੀਨ ਨਿਰਮਿਤ .30 ਬੋਰ ਅਤੇ ਆਸਟਰੀਆ ਦੀਆਂ ਗਲੌਕ ਪਿਸਤੌਲਾਂ ਵੀ ਸ਼ਾਮਲ ਸਨ। ਸੁਰੱਖਿਆ ਏਜੰਸੀਆਂ ਦਾ ਕਹਿਣਾ ਹੈ ਕਿ ਸਰਹੱਦ ਪਾਰੋਂ ਚਲਾਏ ਜਾ ਰਹੇ ਅੱਤਵਾਦੀ ਅਤੇ ਹਥਿਆਰ ਤਸਕਰੀ ਨੈੱਟਵਰਕਾਂ ਖ਼ਿਲਾਫ਼ ਸਾਂਝੇ ਆਪਰੇਸ਼ਨ ਲਗਾਤਾਰ ਜਾਰੀ ਰਹਿਣਗੇ, ਤਾਂ ਜੋ ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਬਣਾਈ ਰੱਖਿਆ ਜਾ ਸਕੇ।

ਮੁੱਖ ਮੰਤਰੀ ਭਗਵੰਤ ਮਾਨ ਨੇ ਜਲੰਧਰ ਵਿੱਚ ਧੁੱਸੀ ਬੰਨ੍ਹ ਸੜਕ ਦਾ ਰੱਖਿਆ ਨੀਂਹ ਪੱਥਰ

ਸਮਰ ਨਿਊਜ਼ | ਮੋਹਾਲੀ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਲੰਧਰ ਦੌਰੇ 'ਤੇ ਪਹੁੰਚੇ,ਜਿੱਥੇ ਉਨ੍ਹਾਂ ਵੱਲੋਂ ਸ਼ਾਹਕੋਟ ਨੇੜੇ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਉੱਪਰ ਬਣਨ ਵਾਲੇ ਸੜਕ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ 'ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਸਮੇਤ ਕਈ ਵਿਧਾਇਕ, ਪ੍ਰਸ਼ਾਸਨਿਕ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਰਹੇ। ਮੁੱਖ ਮੰਤਰੀ ਦੇ ਦੌਰੇ ਨੂੰ ਦੇਖਦੇ ਹੋਏ ਸਤਲੁਜ ਦਰਿਆ ਦੇ ਕਿਨਾਰੇ ਅਤੇ ਆਲੇ-ਦੁਆਲੇ ਦੇ ਇਲਾਕੇ ਨੂੰ ਪੁਲਿਸ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਗਿਆ ਸੀ ਅਤੇ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ। ਸਰਕਾਰ ਵੱਲੋਂ ਗਿੱਦੜਪਿੰਡੀ ਤੋਂ ਫਿਲੌਰ ਤੱਕ ਧੁੱਸੀ ਬੰਨ੍ਹ ਉੱਪਰ ਲਗਭਗ 35 ਕਿਲੋਮੀਟਰ ਲੰਬੀ ਪੱਕੀ ਸੜਕ ਦਾ ਨਿਰਮਾਣ ਕੀਤਾ ਜਾਵੇਗਾ। ਇਹ ਸੜਕ ਮੰਡ ਖੇਤਰ ਦੇ ਦਰਜਨਾਂ ਪਿੰਡਾਂ ਨੂੰ ਆਪਸ ਵਿੱਚ ਜੋੜੇਗੀ ਅਤੇ ਸਾਲਾਂ ਤੋਂ ਆਵਾਜਾਈ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਲੋਕਾਂ ਨੂੰ ਵੱਡੀ ਰਾਹਤ ਪ੍ਰਦਾਨ ਕਰੇਗੀ। ਇਸ ਨਾਲ ਖੇਤੀਬਾੜੀ, ਵਪਾਰ ਅਤੇ ਐਮਰਜੈਂਸੀ ਸੇਵਾਵਾਂ ਤੱਕ ਪਹੁੰਚ ਵੀ ਕਾਫ਼ੀ ਸੌਖੀ ਹੋ ਜਾਵੇਗੀ। ਮੰਡ ਇਲਾਕੇ ਦੇ ਲੋਕ ਲੰਬੇ ਸਮੇਂ ਤੋਂ ਧੁੱਸੀ ਬੰਨ੍ਹ ਉੱਪਰ ਪੱਕੀ ਸੜਕ ਬਣਾਉਣ ਦੀ ਮੰਗ ਕਰ ਰਹੇ ਸਨ। ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਪਹਿਲਾਂ ਦੀਆਂ ਸਰਕਾਰਾਂ ਨੇ ਇਸ ਮੰਗ ਵੱਲ ਕੋਈ ਗੰਭੀਰ ਧਿਆਨ ਨਹੀਂ ਦਿੱਤਾ, ਪਰ ਹੁਣ ਮੌਜੂਦਾ ਸਰਕਾਰ ਨੇ ਇਸ ਪ੍ਰੋਜੈਕਟ ਨੂੰ ਹਰੀ ਝੰਡੀ ਦੇ ਕੇ ਉਨ੍ਹਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਉਡੀਕ ਖਤਮ ਕਰ ਦਿੱਤੀ ਹੈ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਸਾਲ 2023 ਵਿੱਚ ਮੰਡਾਲਾ ਛੰਨਾ ਨੇੜੇ ਧੁੱਸੀ ਬੰਨ੍ਹ ਟੁੱਟਣ ਕਾਰਨ ਇਲਾਕੇ ਨੂੰ ਭਾਰੀ ਨੁਕਸਾਨ ਝੱਲਣਾ ਪਿਆ ਸੀ। ਉਸ ਤੋਂ ਬਾਅਦ ਬੰਨ੍ਹ ਨੂੰ ਮਜ਼ਬੂਤ ਕਰਨ ਅਤੇ ਇਸ ਉੱਪਰ ਪੱਕੀ ਸੜਕ ਬਣਾਉਣ ਦੀ ਮੰਗ ਲਗਾਤਾਰ ਉਠਾਈ ਜਾ ਰਹੀ ਸੀ। ਉਨ੍ਹਾਂ ਕਿਹਾ ਕਿ ਸਰਕਾਰ ਕੋਲ ਇਸ ਮਾਮਲੇ ਦੀ ਲਗਾਤਾਰ ਪੈਰਵੀ ਕੀਤੀ ਗਈ, ਜਿਸ ਦਾ ਨਤੀਜਾ ਹੈ ਕਿ ਅੱਜ ਇਸ ਇਤਿਹਾਸਕ ਪ੍ਰੋਜੈਕਟ ਦੀ ਨੀਂਹ ਰੱਖੀ ਗਈ ਹੈ। ਮੰਡਾਲਾ ਛੰਨਾ, ਗੱਟਾ ਮੁੰਡੀ ਕਾਸੂ, ਗਿੱਦੜਪਿੰਡੀ ਅਤੇ ਆਲੇ-ਦੁਆਲੇ ਦੇ ਕਈ ਪਿੰਡਾਂ ਦੇ ਵਸਨੀਕਾਂ ਨੇ ਇਸ ਪ੍ਰੋਜੈਕਟ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਸੜਕ ਉਨ੍ਹਾਂ ਦੇ ਇਲਾਕੇ ਦੀ ਤਸਵੀਰ ਬਦਲ ਦੇਵੇਗੀ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਸਿੱਖਿਆ, ਸਿਹਤ, ਖੇਤੀਬਾੜੀ ਅਤੇ ਰੋਜ਼ਾਨਾ ਦੀ ਆਵਾਜਾਈ ਨੂੰ ਨਵੀਂ ਰਫ਼ਤਾਰ ਮਿਲੇਗੀ।

ਪੰਜਾਬ 'ਚ NEET ਰੀ-ਪਰੀਖਿਆ ਲਈ ਸਖ਼ਤ ਸੁਰੱਖਿਆ

ਸਮਰ ਨਿਊਜ਼ | ਚੰਡੀਗੜ੍ਹ

ਪੰਜਾਬ ਵਿੱਚ NEET ਰੀ-ਪਰੀਖਿਆ ਨੂੰ ਸੁਚੱਜੇ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ ਰਾਜ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਪ੍ਰੀਖਿਆ ਦੇ ਸਫਲ ਸੰਚਾਲਨ ਲਈ ਹਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ (ਡੀਸੀ) ਨੂੰ ਨੋਡਲ ਅਧਿਕਾਰੀ ਨਿਯੁਕਤ ਕੀਤਾ ਗਿਆ ਹੈ। ਪ੍ਰੀਖਿਆ ਦੇ ਪ੍ਰਸ਼ਨ ਪੱਤਰਾਂ ਨੂੰ ਕਸਟੋਡੀਅਨ ਬੈਂਕ ਤੋਂ ਪ੍ਰੀਖਿਆ ਕੇਂਦਰਾਂ ਤੱਕ ਸੁਰੱਖਿਅਤ ਢੰਗ ਨਾਲ ਪਹੁੰਚਾਉਣ ਅਤੇ ਉਨ੍ਹਾਂ ਦੀ ਨਿਗਰਾਨੀ ਦੀ ਜ਼ਿੰਮੇਵਾਰੀ ਪੰਜਾਬ ਪੁਲਿਸ ਅਤੇ ਕੇਂਦਰੀ ਸੁਰੱਖਿਆ ਬਲਾਂ ਨੂੰ ਸੌਂਪੀ ਗਈ ਹੈ। ਰਾਜ ਸਰਕਾਰ ਨੇ ਸਾਰੇ ਜ਼ਿਲ੍ਹਾ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰਦਿਆਂ ਕਿਹਾ ਹੈ ਕਿ 19 ਜੂਨ ਨੂੰ ਸਬੰਧਤ ਸਾਰੇ ਵਿਭਾਗਾਂ ਨਾਲ ਮੀਟਿੰਗ ਕਰਕੇ ਪ੍ਰੀਖਿਆ ਦੀਆਂ ਤਿਆਰੀਆਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਜਾਵੇ ਅਤੇ ਸਾਰੀਆਂ ਵਿਵਸਥਾਵਾਂ ਨੂੰ ਯਕੀਨੀ ਬਣਾਇਆ ਜਾਵੇ।

ਕਰਨਾਟਕ ਵਿਧਾਨ ਪਰਿਸ਼ਦ ਚੋਣਾਂ 'ਚ ਡੀ.ਕੇ. ਸ਼ਿਵਕੁਮਾਰ ਦਾ ਜਲਵਾ, 7 ਵਿੱਚੋਂ 5 ਸੀਟਾਂ 'ਤੇ ਕਾਂਗਰਸ ਕਾਮਯਾਬ; ਕਰਾਸ ਵੋਟਿੰਗ ਨਾਲ BJP-JDS ਨੂੰ ਝਟਕਾ

ਏਜੰਸੀ | ਬੈਂਗਲੁਰੂ

ਕਰਨਾਟਕ ਵਿੱਚ ਮੁੱਖ ਮੰਤਰੀ ਬਣਨ ਤੋਂ ਬਾਅਦ ਡੀ.ਕੇ. ਸ਼ਿਵਕੁਮਾਰ ਨੇ ਆਪਣੀ ਪਹਿਲੀ ਵੱਡੀ ਸਿਆਸੀ ਕਸੌਟੀ ਵਿੱਚ ਜਿੱਤ ਦਰਜ ਕੀਤੀ ਹੈ। ਵਿਧਾਨ ਪਰਿਸ਼ਦ ਦੀਆਂ ਸੱਤ ਸੀਟਾਂ ਲਈ ਹੋਈਆਂ ਚੋਣਾਂ ਵਿੱਚ ਕਾਂਗਰਸ ਨੇ ਪੰਜੇ ਉਮੀਦਵਾਰ ਜਿਤਾ ਕੇ ਵੱਡੀ ਸਫਲਤਾ ਹਾਸਲ ਕੀਤੀ, ਜਦਕਿ ਭਾਜਪਾ ਨੂੰ ਦੋ ਸੀਟਾਂ ਮਿਲੀਆਂ ਅਤੇ ਜਨਤਾ ਦਲ (ਸੈਕਿਊਲਰ) ਦਾ ਖਾਤਾ ਵੀ ਨਹੀਂ ਖੁੱਲ੍ਹਿਆ। ਚੋਣ ਨਤੀਜਿਆਂ ਵਿੱਚ ਸਭ ਤੋਂ ਵੱਡੀ ਚਰਚਾ ਕਰਾਸ ਵੋਟਿੰਗ ਦੀ ਰਹੀ। ਮੰਨਿਆ ਜਾ ਰਿਹਾ ਹੈ ਕਿ ਭਾਜਪਾ ਦੇ ਅੱਠ ਅਤੇ ਜੇਡੀਐਸ ਦੇ ਚਾਰ ਵਿਧਾਇਕਾਂ ਨੇ ਕਾਂਗਰਸ ਦੇ ਹੱਕ ਵਿੱਚ ਵੋਟ ਪਾਈ, ਜਿਸ ਕਾਰਨ ਕਾਂਗਰਸ ਦਾ ਪੰਜਵਾਂ ਉਮੀਦਵਾਰ ਵੀ ਜਿੱਤ ਗਿਆ। ਵਿਧਾਨ ਪਰਿਸ਼ਦ ਚੋਣਾਂ ਵਿੱਚ ਕੁੱਲ 222 ਵੋਟਾਂ ਪਈਆਂ। ਕਾਂਗਰਸ ਨੂੰ 151 ਵੋਟਾਂ ਮਿਲੀਆਂ, ਜਦਕਿ ਉਸ ਕੋਲ ਆਪਣੇ 140 ਵਿਧਾਇਕਾਂ ਦਾ ਸਮਰਥਨ ਸੀ। ਇਸ ਤਰ੍ਹਾਂ ਕਾਂਗਰਸ ਨੂੰ 11 ਵਾਧੂ ਵੋਟਾਂ ਮਿਲੀਆਂ। ਇੱਕ ਵੋਟ ਰੱਦ ਹੋ ਗਈ। ਦੂਜੇ ਪਾਸੇ ਭਾਜਪਾ ਨੂੰ 64 ਵੋਟਾਂ ਮਿਲੀਆਂ, ਜੋ ਉਸ ਦੀ ਉਮੀਦ ਤੋਂ ਘੱਟ ਰਹੀਆਂ। ਜੇਡੀਐਸ ਨੂੰ ਵੀ ਉਮੀਦ ਮੁਤਾਬਕ 18 ਦੀ ਥਾਂ ਸਿਰਫ਼ 14 ਵੋਟਾਂ ਹੀ ਮਿਲ ਸਕੀਆਂ, ਜਿਸ ਕਾਰਨ ਪਾਰਟੀ ਦਾ ਕੋਈ ਵੀ ਉਮੀਦਵਾਰ ਜਿੱਤ ਨਹੀਂ ਸਕਿਆ। ਇਸ ਨਤੀਜੇ ਨੂੰ ਸਾਬਕਾ ਪ੍ਰਧਾਨ ਮੰਤਰੀ ਐਚ. ਡੀ. ਦੇਵੇਗੌੜਾ ਦੀ ਅਗਵਾਈ ਵਾਲੀ ਜੇਡੀਐਸ ਲਈ ਵੱਡਾ ਝਟਕਾ ਮੰਨਿਆ ਜਾ ਰਿਹਾ ਹੈ।

ਉੱਥੇ ਹੀ ਕਾਂਗਰਸ ਲਈ ਇਹ ਜਿੱਤ ਉਸ ਵੇਲੇ ਆਈ ਹੈ ਜਦੋਂ ਰਾਜ ਸਭਾ ਚੋਣਾਂ ਵਿੱਚ ਪਾਰਟੀ ਨੂੰ ਝਾਰਖੰਡ ਵਿੱਚ ਨਿਰਾਸ਼ਾ ਦਾ ਸਾਹਮਣਾ ਕਰਨਾ ਪਿਆ ਸੀ। ਕਾਂਗਰਸ ਦੇ ਜਨਰਲ ਸਕੱਤਰ ਰਣਦੀਪ ਸਿੰਘ ਸੁਰਜੇਵਾਲਾ ਨੇ ਨਤੀਜਿਆਂ 'ਤੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਪਹਿਲੇ ਹੀ ਦੌਰ ਵਿੱਚ ਕਾਂਗਰਸ ਦੇ ਸਾਰੇ ਪੰਜ ਉਮੀਦਵਾਰ ਭਾਰੀ ਬਹੁਮਤ ਨਾਲ ਜੇਤੂ ਰਹੇ। ਉਨ੍ਹਾਂ ਕਿਹਾ ਕਿ ਪਾਰਟੀ ਕੋਲ 135 ਵਿਧਾਇਕ ਸਨ, ਪਰ ਉਸ ਨੂੰ 151 ਵੋਟਾਂ ਮਿਲੀਆਂ, ਜੋ ਇਹ ਦਰਸਾਉਂਦੀਆਂ ਹਨ ਕਿ ਹੋਰ ਪਾਰਟੀਆਂ ਦੇ ਵਿਧਾਇਕਾਂ ਨੇ ਵੀ ਸੋਚ-ਵਿਚਾਰ ਕਰਕੇ ਕਾਂਗਰਸ ਦੇ ਹੱਕ ਵਿੱਚ ਵੋਟ ਪਾਈ। ਸੁਰਜੇਵਾਲਾ ਨੇ ਕਿਹਾ ਕਿ ਇਹ ਨਤੀਜੇ ਸਕਾਰਾਤਮਕ ਅਤੇ ਵਿਕਾਸ ਕੇਂਦਰਿਤ ਰਾਜਨੀਤੀ 'ਤੇ ਵਿਧਾਇਕਾਂ ਦੇ ਭਰੋਸੇ ਨੂੰ ਦਰਸਾਉਂਦੇ ਹਨ ਅਤੇ ਕਰਨਾਟਕ ਵਿੱਚ ਕਾਂਗਰਸ ਸਰਕਾਰ ਦੀਆਂ ਨੀਤੀਆਂ ਨੂੰ ਮਿਲੇ ਸਮਰਥਨ ਦਾ ਪ੍ਰਤੀਕ ਹਨ।

ਤਿੰਨ ਸਾਲਾਂ ਵਿੱਚ ਦੋਸ਼ੀ ਨੂੰ ਸਜ਼ਾ ਤੱਕ ਪਹੁੰਚਾਉਣ ਵਾਲੀ ਨਿਆਂ ਪ੍ਰਣਾਲੀ ਬਣਾਉਣਾ ਟੀਚਾ : ਸ਼ਾਹ

ਸਮਰ ਨਿਊਜ਼ | ਜਲੰਧਰ

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਦੇਸ਼ ਦੀ ਅਪਰਾਧਿਕ ਨਿਆਂ ਪ੍ਰਣਾਲੀ ਨੂੰ ਇਸ ਤਰ੍ਹਾਂ ਪ੍ਰਭਾਵਸ਼ਾਲੀ ਬਣਾਇਆ ਜਾਣਾ ਚਾਹੀਦਾ ਹੈ ਕਿ ਹਰ ਨਾਗਰਿਕ ਨੂੰ ਸੰਵਿਧਾਨ ਵੱਲੋਂ ਦਿੱਤੇ ਗਏ ਅਧਿਕਾਰਾਂ ਦੀ ਪੂਰੀ ਸੁਰੱਖਿਆ ਮਿਲ ਸਕੇ। ਉਨ੍ਹਾਂ ਕਿਹਾ ਕਿ ਜੇ ਕਿਸੇ ਵਿਅਕਤੀ ਦੇ ਸਰੀਰ, ਸੰਪਤੀ ਜਾਂ ਸਨਮਾਨ ਨਾਲ ਜੁੜੇ ਅਧਿਕਾਰਾਂ ਦੀ ਉਲੰਘਣਾ ਹੁੰਦੀ ਹੈ ਅਤੇ ਦੋਸ਼ੀ ਨੂੰ ਸਾਲਾਂ ਤੱਕ ਸਜ਼ਾ ਨਹੀਂ ਮਿਲਦੀ, ਤਾਂ ਅਜਿਹੀ ਪ੍ਰਣਾਲੀ ਨੂੰ ਨਿਆਂਸੰਗਤ ਨਹੀਂ ਕਿਹਾ ਜਾ ਸਕਦਾ। ਨਵੀਂ ਦਿੱਲੀ ਵਿੱਚ ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ (ਐਨਸੀਆਰਬੀ) ਵੱਲੋਂ ਸਰਦਾਰ ਵੱਲਭਭਾਈ ਪਟੇਲ ਸਭਾਗਾਰ ਵਿੱਚ ਆਯੋਜਿਤ 26ਵੇਂ ਅਖਿਲ ਭਾਰਤੀ ਫਿੰਗਰਪ੍ਰਿੰਟ ਸੰਮੇਲਨ-2026 ਨੂੰ ਸੰਬੋਧਨ ਕਰਦਿਆਂ ਅਮਿਤ ਸ਼ਾਹ ਨੇ ਕਿਹਾ ਕਿ ਸਾਲ 2019 ਵਿੱਚ ਅਪਰਾਧਿਕ ਨਿਆਂ ਪ੍ਰਣਾਲੀ ਵਿੱਚ ਵਿਆਪਕ ਸੁਧਾਰਾਂ ਦੀ ਸ਼ੁਰੂਆਤ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦਾ ਮਕਸਦ ਕਾਨੂੰਨਾਂ ਨੂੰ ਆਧੁਨਿਕ ਲੋੜਾਂ ਮੁਤਾਬਕ ਢਾਲਣਾ, ਜਾਂਚ ਪ੍ਰਕਿਰਿਆ ਵਿੱਚ ਵਿਗਿਆਨ ਅਤੇ ਤਕਨਾਲੋਜੀ ਦੀ ਵਰਤੋਂ ਨੂੰ ਲਾਜ਼ਮੀ ਬਣਾਉਣਾ ਅਤੇ ਐਫਆਈਆਰ ਦਰਜ ਹੋਣ ਤੋਂ ਲੈ ਕੇ ਦੋਸ਼ੀ ਨੂੰ ਸਜ਼ਾ ਮਿਲਣ ਤੱਕ ਦੀ ਪੂਰੀ ਪ੍ਰਕਿਰਿਆ ਤਿੰਨ ਸਾਲਾਂ ਦੇ ਅੰਦਰ ਪੂਰੀ ਕਰਨਾ ਹੈ। ਗ੍ਰਹਿ ਮੰਤਰੀ ਨੇ ਕਿਹਾ ਕਿ ਭਾਰਤ ਇਸ ਵੇਲੇ ਅਪਰਾਧਿਕ ਨਿਆਂ ਪ੍ਰਣਾਲੀ ਦੇ ਬਦਲਾਅ ਦੇ ਦੌਰ ਵਿੱਚੋਂ ਲੰਘ ਰਿਹਾ ਹੈ। ਪਹਿਲਾਂ ਥਾਣਿਆਂ ਦੀ ਭੂਮਿਕਾ ਸਿਰਫ਼ ਕਾਨੂੰਨ-ਵਿਵਸਥਾ ਬਣਾਈ ਰੱਖਣ ਤੱਕ ਸੀਮਿਤ ਸੀ, ਪਰ ਸਮੇਂ ਦੇ ਨਾਲ ਇਹ ਅਪਰਾਧਾਂ ਦੀ ਰੋਕਥਾਮ ਅਤੇ ਜਾਂਚ ਤੱਕ ਫੈਲ ਗਈ ਹੈ। ਹੁਣ ਲੋੜ ਹੈ ਕਿ ਪੂਰੀ ਨਿਆਂ ਪ੍ਰਣਾਲੀ ਨੂੰ ਨਾਗਰਿਕਾਂ ਦੇ ਅਧਿਕਾਰਾਂ ਦੀ ਰੱਖਿਆ ਦਾ ਪ੍ਰਭਾਵਸ਼ਾਲੀ ਸਾਧਨ ਬਣਾਇਆ ਜਾਵੇ। ਅਮਿਤ ਸ਼ਾਹ ਨੇ ਰਾਸ਼ਟਰੀ ਸਵੈਚਾਲਿਤ ਫਿੰਗਰਪ੍ਰਿੰਟ ਪਛਾਣ ਪ੍ਰਣਾਲੀ (NAF-IS) ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਸ ਆਧੁਨਿਕ ਪ੍ਰਣਾਲੀ ਦੀ ਮਦਦ ਨਾਲ ਕਈ ਜਟਿਲ ਅਤੇ ਪੇਚੀਦਾ ਅਪਰਾਧਿਕ ਮਾਮਲਿਆਂ ਨੂੰ ਸੁਲਝਾਉਣ ਵਿੱਚ ਸੁਰੱਖਿਆ ਏਜੰਸੀਆਂ ਨੂੰ ਵੱਡੀ ਸਫਲਤਾ ਮਿਲੀ ਹੈ ਅਤੇ ਭਵਿੱਖ ਵਿੱਚ ਵੀ ਇਹ ਅਪਰਾਧ ਜਾਂਚ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।

ਰਾਹੁਲ ਗਾਂਧੀ ਦੇ ਜਨਮਦਿਨ 'ਤੇ PM ਮੋਦੀ ਸਮੇਤ ਕਈ ਆਗੂਆਂ ਵੱਲੋਂ ਵਧਾਈ

56ਵੇਂ ਜਨਮਦਿਨ 'ਤੇ ਸਿਆਸੀ ਆਗੂਆਂ ਵੱਲੋਂ ਸ਼ੁਭਕਾਮਨਾਵਾਂ

ਏਜੰਸੀ | ਨਵੀਂ ਦਿੱਲੀ

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ ਉਨ੍ਹਾਂ ਦੇ 56ਵੇਂ ਜਨਮਦਿਨ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਮੇਤ ਦੇਸ਼ ਦੇ ਕਈ ਪ੍ਰਮੁੱਖ ਸਿਆਸੀ ਆਗੂਆਂ ਨੇ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਿਆਸੀ ਮਤਭੇਦਾਂ ਤੋਂ ਉੱਪਰ ਉੱਠ ਕੇ ਆਪਸੀ ਸਨਮਾਨ ਅਤੇ ਲੋਕਤੰਤਰੀ ਪਰੰਪਰਾਵਾਂ ਦੀ ਝਲਕ ਵੀ ਵੇਖਣ ਨੂੰ ਮਿਲੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਸ਼ਲ ਮੀਡੀਆ ਰਾਹੀਂ ਰਾਹੁਲ ਗਾਂਧੀ ਨੂੰ ਜਨਮਦਿਨ ਦੀ ਵਧਾਈ ਦਿੰਦਿਆਂ ਉਨ੍ਹਾਂ ਦੀ ਚੰਗੀ ਸਿਹਤ ਅਤੇ ਲੰਬੀ ਉਮਰ ਦੀ ਕਾਮਨਾ ਕੀਤੀ। ਉਨ੍ਹਾਂ ਦਾ ਇਹ ਸੰਦੇਸ਼ ਸਿਆਸੀ ਸ਼ਿਸ਼ਟਾਚਾਰ ਦੀ ਇੱਕ ਮਿਸਾਲ ਵਜੋਂ ਦੇਖਿਆ ਜਾ ਰਿਹਾ ਹੈ। ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਨੇ ਵੀ ਰਾਹੁਲ ਗਾਂਧੀ ਨੂੰ ਜਨਮਦਿਨ ਦੀਆਂ ਵਧਾਈਆਂ ਦਿੰਦਿਆਂ ਉਨ੍ਹਾਂ ਨੂੰ ਸੰਵਿਧਾਨਕ ਮੁੱਲਾਂ ਪ੍ਰਤੀ ਵਚਨਬੱਧ ਅਤੇ ਲੋਕਾਂ ਦੀ ਆਵਾਜ਼ ਬੁਲੰਦ ਕਰਨ ਵਾਲਾ ਆਗੂ ਕਰਾਰ ਦਿੱਤਾ। ਕਾਂਗਰਸ ਦੇ ਕਈ ਸੀਨੀਅਰ ਆਗੂਆਂ ਅਤੇ ਵਿਰੋਧੀ ਧਿਰ ਦੇ ਹੋਰ ਨੇਤਾਵਾਂ ਨੇ ਵੀ ਰਾਹੁਲ ਗਾਂਧੀ ਨੂੰ ਸ਼ੁਭਕਾਮਨਾਵਾਂ ਭੇਜੀਆਂ ਅਤੇ ਉਨ੍ਹਾਂ ਦੇ ਸਿਆਸੀ ਯਤਨਾਂ ਦੀ ਪ੍ਰਸ਼ੰਸਾ ਕੀਤੀ। ਹਾਲੀਆ ਸਮੇਂ ਵਿੱਚ ਰਾਹੁਲ ਗਾਂਧੀ ਨੌਜਵਾਨਾਂ ਅਤੇ ਸਿੱਖਿਆ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਕਾਫ਼ੀ ਸਰਗਰਮ ਨਜ਼ਰ ਆਏ ਹਨ। ਉਨ੍ਹਾਂ ਨੇ NEET ਪ੍ਰੀਖਿਆ ਪ੍ਰਣਾਲੀ ਅਤੇ ਸਿੱਖਿਆ 'ਤੇ ਵੱਧ ਰਹੇ ਖ਼ਰਚ ਨੂੰ ਲੈ ਕੇ ਕੇਂਦਰ ਸਰਕਾਰ ਤੋਂ ਸਵਾਲ ਕੀਤੇ ਹਨ। ਇਸ ਦੇ ਨਾਲ ਹੀ ਵਿਦਿਆਰਥੀਆਂ ਨਾਲ ਸੰਵਾਦ ਪ੍ਰੋਗਰਾਮਾਂ ਨੂੰ ਵੀ ਤੇਜ਼ ਕੀਤਾ ਹੈ। ਰਾਹੁਲ ਗਾਂਧੀ ਨੇ ਕੋਟਾ ਸਮੇਤ ਦੇਸ਼ ਦੇ ਕਈ ਸ਼ਹਿਰਾਂ ਵਿੱਚ ਵਿਦਿਆਰਥੀਆਂ ਨਾਲ ਜੁੜੇ ਮੁੱਦਿਆਂ 'ਤੇ ਮੁਹਿੰਮ ਚਲਾ ਕੇ ਨੌਜਵਾਨਾਂ ਦੀਆਂ ਸਮੱਸਿਆਵਾਂ ਨੂੰ ਰਾਸ਼ਟਰੀ ਚਰਚਾ ਦਾ ਹਿੱਸਾ ਬਣਾਉਣ ਦੀ ਕੋਸ਼ਿਸ਼ ਕੀਤੀ ਹੈ।

ਤੇਜ ਪ੍ਰਤਾਪ ਯਾਦਵ 'ਤੇ ਘਰ ਵਿੱਚ ਜ਼ਬਰਦਸਤੀ ਦਾਖ਼ਲ ਹੋਣ ਦਾ ਦੋਸ਼

ਏਜੰਸੀ | ਨਵੀਂ ਦਿੱਲੀ

ਬਿਹਾਰ ਦੇ ਸਾਬਕਾ ਮੰਤਰੀ ਅਤੇ ਆਰਜੇਡੀ ਨੇਤਾ ਤੇਜ ਪ੍ਰਤਾਪ ਯਾਦਵ ਖ਼ਿਲਾਫ਼ ਉਨ੍ਹਾਂ ਦੀ ਕਥਿਤ ਗਰਲਫ੍ਰੈਂਡ ਅਨੁਸ਼ਕਾ ਦੇ ਭਰਾ ਆਕਾਸ਼ ਨੇ ਐਫਆਈਆਰ ਦਰਜ ਕਰਵਾਈ ਹੈ। ਸ਼ਿਕਾਇਤ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਤੇਜ ਪ੍ਰਤਾਪ ਜ਼ਬਰਦਸਤੀ ਘਰ ਵਿੱਚ ਦਾਖ਼ਲ ਹੋਏ ਅਤੇ ਧਮਕੀਆਂ ਦਿੱਤੀਆਂ। ਆਕਾਸ਼ ਦਾ ਦੋਸ਼ ਹੈ ਕਿ ਤੇਜ ਪ੍ਰਤਾਪ ਨੇ ਕਿਹਾ ਕਿ ਜੇਕਰ ਉਨ੍ਹਾਂ ਨੂੰ ਅਨੁਸ਼ਕਾ ਨਾਲ ਮਿਲਣ ਤੋਂ ਰੋਕਿਆ ਗਿਆ ਤਾਂ ਉਹ ਉੱਜੈਨੀ, ਜੋ ਅਨੁਸ਼ਕਾ ਦੀ ਧੀ ਹੈ, ਦਾ ਅਗਵਾ ਕਰਵਾ ਦੇਣਗੇ। ਇਸ ਤੋਂ ਬਾਅਦ ਮਾਮਲੇ ਸਬੰਧੀ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਗਈ ਹੈ। ਦੂਜੇ ਪਾਸੇ ਤੇਜ ਪ੍ਰਤਾਪ ਯਾਦਵ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ (X) 'ਤੇ ਆਪਣਾ ਪੱਖ ਰੱਖਦਿਆਂ ਸਾਰੇ ਦੋਸ਼ਾਂ ਨੂੰ ਸਿਰੇ ਤੋਂ ਨਕਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ 'ਤੇ ਧਮਕੀ ਦੇਣ ਅਤੇ ਦਬਾਅ ਬਣਾਉਣ ਦੇ ਲਗਾਏ ਗਏ ਦੋਸ਼ ਪੂਰੀ ਤਰ੍ਹਾਂ ਮਨਘੜ੍ਹੰਤ ਅਤੇ ਬੇਬੁਨਿਆਦ ਹਨ। ਤੇਜ ਪ੍ਰਤਾਪ ਨੇ ਕਿਹਾ ਕਿ ਉਨ੍ਹਾਂ ਖ਼ਿਲਾਫ਼ ਦਰਜ ਕਰਵਾਈ ਗਈ।

ਯੋਗ ਦਿਵਸ ਸਮਾਗਮ ਲਈ ਕੋਲਕਾਤਾ ਦੀ ਰੈੱਡ ਰੋਡ 7 ਦਿਨਾਂ ਤੋਂ ਬੰਦ, ਹਾਈ ਕੋਰਟ ਨੇ ਸਰਕਾਰ ਨੂੰ ਬਦਲਵੇਂ ਰਸਤੇ ਯਕੀਨੀ ਬਣਾਉਣ ਦੇ ਹੁਕਮ

ਏਜੰਸੀ | ਕੋਲਕਾਤਾ

21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਕੋਲਕਾਤਾ ਦੀ ਰੈੱਡ ਰੋਡ 'ਤੇ ਹੋਣ ਵਾਲੇ ਮੁੱਖ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ। ਇਸ ਸਮਾਗਮ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੀ ਸ਼ਾਮਲ ਹੋਣਗੇ। ਸਮਾਗਮ ਦੀਆਂ ਤਿਆਰੀਆਂ ਦੇ ਮੱਦੇਨਜ਼ਰ 14 ਜੂਨ ਤੋਂ ਰੈੱਡ ਰੋਡ ਨੂੰ ਆਵਾਜਾਈ ਲਈ ਬੰਦ ਕਰ ਦਿੱਤਾ ਗਿਆ ਹੈ। ਸੜਕ ਬੰਦ ਕਰਨ ਦੇ ਫ਼ੈਸਲੇ ਨੂੰ ਚੁਣੌਤੀ ਦਿੰਦਿਆਂ ਆਲ ਇੰਡੀਆ ਲਾਇਰਜ਼ ਯੂਨੀਅਨ ਨੇ ਕਲਕੱਤਾ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ। ਪਟੀਸ਼ਨ ਵਿੱਚ ਕਿਹਾ ਗਿਆ ਕਿ ਰੈੱਡ ਰੋਡ ਬੰਦ ਹੋਣ ਕਾਰਨ ਵਕੀਲਾਂ ਅਤੇ ਆਮ ਲੋਕਾਂ ਨੂੰ ਆਉਣ-ਜਾਣ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮਾਮਲੇ ਦੀ ਸੁਣਵਾਈ ਦੌਰਾਨ ਜਸਟਿਸ ਸੌਗਤ ਭੱਟਾਚਾਰਿਆ ਨੇ ਰਾਜ ਸਰਕਾਰ ਨੂੰ ਹੁਕਮ ਦਿੱਤਾ ਕਿ ਜਦ ਤੱਕ ਰੈੱਡ ਰੋਡ ਬੰਦ ਰਹੇ, ਲੋਕਾਂ ਲਈ ਬਦਲਵੇਂ ਰਸਤੇ ਦੀ ਪੂਰੀ ਵਿਵਸਥਾ ਕੀਤੀ ਜਾਵੇ। ਅਦਾਲਤ ਨੇ ਇਹ ਵੀ ਕਿਹਾ ਕਿ ਸਮਾਗਮ ਖ਼ਤਮ ਹੁੰਦੇ ਹੀ ਸੜਕ ਨੂੰ ਤੁਰੰਤ ਆਵਾਜਾਈ ਲਈ ਖੋਲ੍ਹਿਆ ਜਾਵੇ। ਇਸ ਮਾਮਲੇ 'ਤੇ ਤ੍ਰਿਣਮੂਲ ਕਾਂਗਰਸ (ਟੀਐਮਸੀ) ਦੀ ਸੰਸਦ ਮੈਂਬਰ ਮਹੂਆ ਮੋਇਤਰਾ ਨੇ ਵੀ ਰੈੱਡ ਰੋਡ ਬੰਦ ਕਰਨ ਦਾ ਵਿਰੋਧ ਕੀਤਾ ਹੈ। ਸਰਕਾਰ ਨੇ ਕਿਹਾ—ਲੋਕਾਂ ਨੂੰ ਨਹੀਂ ਆਵੇਗੀ ਕੋਈ ਦਿੱਕਤ ਪਟੀਸ਼ਨਕਰਤਾਵਾਂ ਵੱਲੋਂ ਸੀਨੀਅਰ ਵਕੀਲ ਵਿਕਾਸ ਰੰਜਨ ਭੱਟਾਚਾਰਿਆ ਨੇ ਦਲੀਲ ਦਿੱਤੀ ਕਿ ਪੂਰੀ ਸੜਕ ਬੰਦ ਕਰਨ ਦੀ ਬਜਾਏ ਇੱਕ ਹਿੱਸਾ ਖੁੱਲ੍ਹਾ ਰੱਖਿਆ ਜਾ ਸਕਦਾ ਸੀ, ਜਿਸ ਨਾਲ ਲੋਕਾਂ ਨੂੰ ਲੰਮਾ ਰਸਤਾ ਤੈਅ ਨਾ ਕਰਨਾ ਪੈਂਦਾ। ਰਾਜ ਸਰਕਾਰ ਨੇ ਅਦਾਲਤ ਨੂੰ ਦੱਸਿਆ ਕਿ ਯੋਗ ਦਿਵਸ ਦਾ ਸਮਾਗਮ ਆਯੁਸ਼ ਮੰਤਰਾਲੇ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ ਅਤੇ ਇਲਾਕੇ ਵਿੱਚ ਕਈ ਬਦਲਵੇਂ ਰਸਤੇ ਉਪਲਬਧ ਹਨ। ਸਰਕਾਰ ਨੇ ਭਰੋਸਾ ਦਿਵਾਇਆ ਕਿ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਹੋਵੇਗੀ। ਹਾਈ ਕੋਰਟ ਨੇ ਰਾਜ ਸਰਕਾਰ ਨੂੰ ਤਿੰਨ ਹਫ਼ਤਿਆਂ ਦੇ ਅੰਦਰ ਹਲਫ਼ਨਾਮਾ ਦਾਖ਼ਲ ਕਰਨ ਦੇ ਹੁਕਮ ਦਿੱਤੇ ਹਨ। ਸਰਕਾਰੀ ਕਰਮਚਾਰੀਆਂ ਦੀ ਸ਼ਮੂਲੀਅਤ ਨੂੰ ਲੈ ਕੇ ਵੀ ਵਿਵਾਦ ਇਸ ਦੌਰਾਨ ਪੱਛਮੀ ਬੰਗਾਲ ਸਰਕਾਰ ਵੱਲੋਂ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਵੀ ਯੋਗ ਦਿਵਸ ਸਮਾਗਮ ਵਿੱਚ ਸ਼ਾਮਲ ਹੋਣ ਲਈ ਕਿਹਾ ਗਿਆ ਹੈ। ਇਸ 'ਤੇ ਕੁਝ ਕਰਮਚਾਰੀ ਜਥੇਬੰਦੀਆਂ ਨੇ ਇਤਰਾਜ਼ ਜਤਾਇਆ ਹੈ। ਹਾਲਾਂਕਿ ਅਦਾਲਤ ਨੇ ਸਪੱਸ਼ਟ ਕੀਤਾ ਕਿ ਸਰਕਾਰੀ ਹੁਕਮ ਵਿੱਚ ਕਿਤੇ ਵੀ ਇਹ ਨਹੀਂ ਲਿਖਿਆ ਕਿ ਸਮਾਗਮ ਵਿੱਚ ਸ਼ਾਮਲ ਹੋਣਾ ਲਾਜ਼ਮੀ ਹੈ। ਰਾਜ ਸਰਕਾਰ ਨੇ ਵੀ ਕਿਹਾ ਕਿ ਕਰਮਚਾਰੀਆਂ ਨੂੰ ਸਿਰਫ਼ ਬੇਨਤੀ ਕੀਤੀ ਗਈ ਹੈ। ਹੁਗਲੀ ਦਰਿਆ ਵਿੱਚ 500 ਕਿਸ਼ਤੀਆਂ 'ਤੇ ਹੋਵੇਗਾ ਯੋਗਾ ਪ੍ਰਦਰਸ਼ਨ ਰੈੱਡ ਰੋਡ 'ਤੇ ਹੋਣ ਵਾਲੇ ਮੁੱਖ ਯੋਗ ਦਿਵਸ ਸਮਾਗਮ ਵਿੱਚ ਲਗਭਗ 35 ਹਜ਼ਾਰ ਲੋਕਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਇਸ ਤੋਂ ਇਲਾਵਾ ਹੁਗਲੀ ਦਰਿਆ ਵਿੱਚ 500 ਤੋਂ ਵੱਧ ਕਿਸ਼ਤੀਆਂ 'ਤੇ ਯੋਗਾ ਪ੍ਰਦਰਸ਼ਨ ਕਰਨ ਦੀ ਵੀ ਤਿਆਰੀ ਹੈ। ਸੂਤਰਾਂ ਮੁਤਾਬਕ ਇਸ ਰਾਹੀਂ ਗਿਨੀਜ਼ ਵਰਲਡ ਰਿਕਾਰਡ ਬਣਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ।

ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਸਿਰਸਾ ਦੇ ਡੇਰਾ ਬਾਬਾ ਭੂਮਣਸ਼ਾਹ ਵਿੱਚ ਵਿਸ਼ਾਲ ਯੋਗ ਕੈਂਪ

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਯੋਗ ਨੂੰ ਸਿਹਤਮੰਦ ਅਤੇ ਨਸ਼ਾ-ਮੁਕਤ ਸਮਾਜ ਦੀ ਬੁਨਿਆਦ ਦੱਸਿਆ

ਸਮਰ ਨਿਊਜ਼ | ਸਿਰਸਾ

ਅੰਤਰਰਾਸ਼ਟਰੀ ਯੋਗ ਦਿਵਸ ਦੇ ਮੌਕੇ 'ਤੇ ਸਿਰਸਾ ਸਥਿਤ ਮੁੱਖ ਡੇਰਾ ਬਾਬਾ ਭੂਮਣਸ਼ਾਹ ਵਿੱਚ ਵਿਸ਼ਾਲ ਯੋਗ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਡੇਰਾ ਗੱਦੀਨਸ਼ੀਨ ਬਾਬਾ ਬ੍ਰਹਮਦਾਸ ਦੀ ਸਰਪ੍ਰਸਤੀ ਹੇਠ ਕਰਵਾਏ ਗਏ ਇਸ ਯੋਗ ਕੈਂਪ ਵਿੱਚ ਹਜ਼ਾਰਾਂ ਸ਼ਰਧਾਲੂਆਂ, ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਭਾਜਪਾ ਆਗੂਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲੈ ਕੇ ਯੋਗ ਅਭਿਆਸ ਕੀਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਯੋਗ ਇੱਕ ਸਿਹਤਮੰਦ, ਸੰਤੁਲਿਤ ਅਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹੈ। ਉਨ੍ਹਾਂ ਕਿਹਾ ਕਿ ਡੇਰਾ ਬਾਬਾ ਭੂਮਣਸ਼ਾਹ ਦਾ ਪਵਿੱਤਰ ਅਸਥਾਨ ਆਧਿਆਤਮਿਕ ਜਾਗਰੂਕਤਾ, ਮਨੁੱਖਤਾ ਦੀ ਸੇਵਾ ਅਤੇ ਸਮਾਜਿਕ ਸਦਭਾਵਨਾ ਦਾ ਮਹੱਤਵਪੂਰਨ ਕੇਂਦਰ ਹੈ। ਇੱਥੇ ਆ ਕੇ ਉਨ੍ਹਾਂ ਨੂੰ ਮਾਨਸਿਕ ਸ਼ਾਂਤੀ ਅਤੇ ਸਕਾਰਾਤਮਕ ਊਰਜਾ ਦਾ ਅਨੁਭਵ ਹੋਇਆ। ਮੁੱਖ ਮੰਤਰੀ ਨੇ ਕਿਹਾ ਕਿ ਯੋਗ ਸਿਰਫ਼ ਸਰੀਰਕ ਕਸਰਤ ਨਹੀਂ, ਸਗੋਂ ਸਰੀਰ, ਮਨ ਅਤੇ ਆਤਮਾ ਵਿਚਕਾਰ ਸੰਤੁਲਨ ਬਣਾਉਣ ਵਾਲੀ ਜੀਵਨ ਸ਼ੈਲੀ ਹੈ। ਯੋਗ ਵਿਅਕਤੀ ਨੂੰ ਅਨੁਸ਼ਾਸਿਤ, ਤੰਦਰੁਸਤ ਅਤੇ ਤਣਾਅ-ਮੁਕਤ ਜੀਵਨ ਜਿਉਣ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਯਤਨਾਂ ਸਦਕਾ ਅੱਜ 21 ਜੂਨ ਨੂੰ ਪੂਰੀ ਦੁਨੀਆ ਅੰਤਰਰਾਸ਼ਟਰੀ ਯੋਗ ਦਿਵਸ ਵਜੋਂ ਮਨਾ ਰਹੀ ਹੈ। ਭਾਰਤ ਦੀ ਪ੍ਰਾਚੀਨ ਯੋਗ ਪਰੰਪਰਾ ਨੂੰ ਵਿਸ਼ਵ ਪੱਧਰ 'ਤੇ ਮਾਨਤਾ ਮਿਲੀ ਹੈ ਅਤੇ ਅੱਜ ਕਰੋੜਾਂ ਲੋਕ ਯੋਗ ਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਦਾ ਹਿੱਸਾ ਬਣਾ ਚੁੱਕੇ ਹਨ। ਮੁੱਖ ਮੰਤਰੀ ਨੇ ਦੱਸਿਆ ਕਿ ਹਰਿਆਣਾ ਸਰਕਾਰ ਵੀ ਯੋਗ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦੇਸ਼ ਦਾ ਪਹਿਲਾ ਸੂਬਾ ਹੈ ਜਿਸ ਨੇ ਯੋਗ ਦੇ ਪ੍ਰਚਾਰ-ਪ੍ਰਸਾਰ ਲਈ ਯੋਗ ਆਯੋਗ ਦਾ ਗਠਨ ਕੀਤਾ ਹੈ। ਇਸ ਤੋਂ ਇਲਾਵਾ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਨਿਯਮਿਤ ਤੌਰ 'ਤੇ ਯੋਗ ਕੈਂਪ ਲਗਾਏ ਜਾ ਰਹੇ ਹਨ, ਤਾਂ ਜੋ ਵੱਧ ਤੋਂ ਵੱਧ ਲੋਕ ਸਿਹਤਮੰਦ ਜੀਵਨ ਸ਼ੈਲੀ ਅਪਣਾ ਸਕਣ। ਸਮਾਗਮ ਦੌਰਾਨ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਬਾਬਾ ਬ੍ਰਹਮਦਾਸ ਤੋਂ ਆਸ਼ੀਰਵਾਦ ਵੀ ਪ੍ਰਾਪਤ ਕੀਤਾ ਅਤੇ ਲੋਕਾਂ ਨੂੰ ਯੋਗ ਨੂੰ ਇੱਕ ਜਨ ਅੰਦੋਲਨ ਬਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਜੇਕਰ ਹਰ ਵਿਅਕਤੀ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਯੋਗ ਨੂੰ ਸ਼ਾਮਲ ਕਰੇ, ਤਾਂ ਇੱਕ ਤੰਦਰੁਸਤ ਅਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਸੰਭਵ ਹੈ।

ਖੜ੍ਹੇ ਟਰਾਲੇ ਨਾਲ ਟਕਰਾਇਆ ਟਰੱਕ, ਚਾਲਕ ਗੰਭੀਰ ਜ਼ਖ਼ਮੀ

ਸਮਰ ਨਿਊਜ਼ | ਚੰਡੀਗੜ੍ਹ

ਕੁੰਡਲੀ-ਮਾਨੇਸਰ-ਪਲਵਲ (ਕੇਐਮਪੀ) ਐਕਸਪ੍ਰੈੱਸਵੇ 'ਤੇ ਪਿਪਲੀ ਟੋਲ ਨੇੜੇ ਸੜਕ ਦੇ ਵਿਚਕਾਰ ਖੜ੍ਹੇ ਇੱਕ ਟਰਾਲੇ ਨਾਲ ਟਰੱਕ ਦੀ ਭਿਆਨਕ ਟੱਕਰ ਹੋਣ ਕਾਰਨ ਟਰੱਕ ਚਾਲਕ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਹਾਦਸੇ ਦੀ ਸੂਚਨਾ ਮਿਲਣ 'ਤੇ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਜ਼ਖ਼ਮੀ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ। ਪੁਲਿਸ ਨੇ ਸ਼ਿਕਾਇਤ ਦੇ ਆਧਾਰ 'ਤੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਉੱਤਰ ਪ੍ਰਦੇਸ਼ ਦੇ ਅਮੇਠੀ ਨਿਵਾਸੀ ਰਾਮ ਮਿਲਨ ਨੇ ਦੱਸਿਆ ਕਿ ਉਹ ਇੱਕ ਨਿੱਜੀ ਕੰਪਨੀ ਵਿੱਚ ਸੁਪਰਵਾਈਜ਼ਰ ਵਜੋਂ ਕੰਮ ਕਰਦੇ ਹਨ। ਕੰਪਨੀ ਦਾ ਟਰੱਕ ਚਾਲਕ ਮੁਸਤਾਕ ਖ਼ਾਨ, ਜੋ ਰਾਜਸਥਾਨ ਦੇ ਅਲਵਰ ਦਾ ਰਹਿਣ ਵਾਲਾ ਹੈ, ਮੁੰਬਈ ਤੋਂ ਪਰਚੂਨ ਦਾ ਸਮਾਨ ਲੈ ਕੇ ਕੁੰਡਲੀ ਵੱਲ ਜਾ ਰਿਹਾ ਸੀ। ਸ਼ਿਕਾਇਤ ਮੁਤਾਬਕ ਦੇਰ ਰਾਤ ਜਦੋਂ ਟਰੱਕ ਪਿਪਲੀ ਟੋਲ ਨੇੜੇ ਪਹੁੰਚਿਆ ਤਾਂ ਸੜਕ ਦੇ ਵਿਚਕਾਰ ਇੱਕ ਟਰਾਲਾ ਖੜ੍ਹਾ ਸੀ। ਟਰਾਲੇ ਕੋਲ ਨਾ ਤਾਂ ਕੋਈ ਚੇਤਾਵਨੀ ਬੋਰਡ ਲੱਗਾ ਹੋਇਆ ਸੀ, ਨਾ ਹੀ ਰਿਫਲੈਕਟਰ, ਬੈਰੀਕੇਡ ਜਾਂ ਹੋਰ ਕੋਈ ਸੁਰੱਖਿਆ ਪ੍ਰਬੰਧ ਕੀਤਾ ਗਿਆ ਸੀ। ਹਨੇਰਾ ਹੋਣ ਕਾਰਨ ਚਾਲਕ ਨੂੰ ਸਮੇਂ ਸਿਰ ਟਰਾਲਾ ਨਜ਼ਰ ਨਾ ਆਇਆ ਅਤੇ ਟਰੱਕ ਸਿੱਧਾ ਟਰਾਲੇ ਦੇ ਪਿਛਲੇ ਹਿੱਸੇ ਨਾਲ ਜਾ ਟਕਰਾਇਆ। ਟੱਕਰ ਇੰਨੀ ਜ਼ਬਰਦਸਤ ਸੀ ਕਿ ਟਰੱਕ ਦਾ ਅਗਲਾ ਹਿੱਸਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਅਤੇ ਚਾਲਕ ਮੁਸਤਾਕ ਖ਼ਾਨ ਕੈਬਿਨ ਵਿੱਚ ਫਸ ਗਿਆ। ਸਥਾਨਕ ਲੋਕਾਂ ਅਤੇ ਰਾਹਗੀਰਾਂ ਦੀ ਮਦਦ ਨਾਲ ਉਸ ਨੂੰ ਬਾਹਰ ਕੱਢਿਆ ਗਿਆ ਅਤੇ ਤੁਰੰਤ ਇਲਾਜ ਲਈ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਉਸ ਦਾ ਇਲਾਜ ਜਾਰੀ ਹੈ। ਪੁਲਿਸ ਨੇ ਕੰਪਨੀ ਦੇ ਨੁਮਾਇੰਦੇ ਦੀ ਸ਼ਿਕਾਇਤ 'ਤੇ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ। ਜਾਂਚ ਅਧਿਕਾਰੀ ਹਾਦਸੇ ਦੇ ਕਾਰਨਾਂ ਦੀ ਜਾਂਚ ਕਰ ਰਹੇ ਹਨ। ਨਾਲ ਹੀ ਇਹ ਵੀ ਪਤਾ ਲਗਾਇਆ ਜਾ ਰਿਹਾ ਹੈ ਕਿ ਟਰਾਲੇ ਨੂੰ ਬਿਨਾਂ ਕਿਸੇ ਚੇਤਾਵਨੀ ਸੰਕੇਤ ਜਾਂ ਸੁਰੱਖਿਆ ਪ੍ਰਬੰਧਾਂ ਦੇ ਐਕਸਪ੍ਰੈੱਸਵੇ 'ਤੇ ਕਿਉਂ ਖੜ੍ਹਾ ਕੀਤਾ ਗਿਆ ਸੀ। ਪੁਲਿਸ ਦਾ ਕਹਿਣਾ ਹੈ ਕਿ ਜਾਂਚ ਪੂਰੀ ਹੋਣ ਤੋਂ ਬਾਅਦ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਨੀਟ ਪੇਪਰ ਲੀਕ ਮਾਮਲੇ 'ਤੇ ਕਾਂਗਰਸ ਨੇ ਚੁੱਕੀ ਆਵਾਜ਼

ਸਮਰ ਨਿਊਜ਼ | ਪਲਵਲ

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵੱਲੋਂ ਰਾਜਸਥਾਨ ਦੇ ਕੋਟਾ ਵਿੱਚ ਵਿਦਿਆਰਥੀਆਂ ਨਾਲ ਕੀਤੇ ਸੰਵਾਦ ਨੂੰ ਲੈ ਕੇ ਸ਼ੁੱਕਰਵਾਰ ਨੂੰ ਪਲਵਲ ਸਥਿਤ ਕਾਂਗਰਸ ਜ਼ਿਲ੍ਹਾ ਦਫ਼ਤਰ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਜ਼ਿਲ੍ਹਾ ਕਾਂਗਰਸ ਪ੍ਰਧਾਨ ਨੇਤਰਪਾਲ ਅਧਾਨਾ ਨੇ ਐਲਈਡੀ ਸਕਰੀਨ ਰਾਹੀਂ ਪਾਰਟੀ ਵਰਕਰਾਂ ਨੂੰ ਰਾਹੁਲ ਗਾਂਧੀ ਦਾ ਸੰਬੋਧਨ ਸੁਣਵਾਇਆ ਅਤੇ ਅਪੀਲ ਕੀਤੀ ਕਿ ਨੀਟ ਪੇਪਰ ਲੀਕ ਮਾਮਲੇ 'ਤੇ ਕਾਂਗਰਸ ਦਾ ਸੰਦੇਸ਼ ਘਰ-ਘਰ ਤੱਕ ਪਹੁੰਚਾਇਆ ਜਾਵੇ। ਨੇਤਰਪਾਲ ਅਧਾਨਾ ਨੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਨੀਟ ਪੇਪਰ ਲੀਕ ਮਾਮਲੇ ਨੇ ਦੇਸ਼ ਭਰ ਦੇ ਲੱਖਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਗੰਭੀਰ ਮਾਨਸਿਕ ਤਣਾਅ ਵਿੱਚ ਧੱਕ ਦਿੱਤਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਲਗਾਤਾਰ ਸਾਹਮਣੇ ਆ ਰਹੀਆਂ ਬੇਨਿਯਮੀਆਂ ਕਾਰਨ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਵਿਦਿਆਰਥੀਆਂ ਦੇ ਹੱਕਾਂ ਲਈ ਲਗਾਤਾਰ ਆਵਾਜ਼ ਉਠਾਉਂਦੀ ਰਹੇਗੀ ਅਤੇ ਨੀਟ ਪ੍ਰੀਖਿਆ ਪ੍ਰਣਾਲੀ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਦੀ ਮੰਗ ਕਰਦੀ ਰਹੇਗੀ।

ਨੌਜਵਾਨ ਦੀ ਸ਼ੱਕੀ ਮੌਤ, ਅੰਤਿਮ ਸੰਸਕਾਰ ਤੋਂ ਪਹਿਲਾਂ ਪੁਲਿਸ ਨੇ ਲਾਸ਼ ਕਬਜ਼ੇ 'ਚ ਲਈ

ਸਮਰ ਨਿਊਜ਼ | ਕਰਨਾਲ

ਕਰਨਾਲ ਜ਼ਿਲ੍ਹੇ ਦੇ ਪਿੰਡ ਪੰਗਾਲਾ ਵਿੱਚ 27 ਸਾਲਾ ਨੌਜਵਾਨ ਦੀ ਸ਼ੱਕੀ ਹਾਲਾਤਾਂ ਵਿੱਚ ਹੋਈ ਮੌਤ ਨੇ ਕਈ ਸਵਾਲ ਖੜ੍ਹੇ ਕਰ ਦਿੱਤੇ ਹਨ। ਨੌਜਵਾਨ ਦੀ ਲਾਸ਼ ਘਰ ਦੇ ਅੰਦਰ ਫਾਹੇ ਨਾਲ ਲਟਕਦੀ ਮਿਲੀ ਸੀ। ਪਰਿਵਾਰ ਵੱਲੋਂ ਅੰਤਿਮ ਸੰਸਕਾਰ ਦੀਆਂ ਤਿਆਰੀਆਂ ਕਰ ਲਈਆਂ ਗਈਆਂ ਸਨ ਅਤੇ ਲਾਸ਼ ਨੂੰ ਸ਼ਮਸ਼ਾਨਘਾਟ ਵੀ ਲਿਜਾਇਆ ਗਿਆ ਸੀ, ਪਰ ਕਤਲ ਦੀ ਸੂਚਨਾ ਮਿਲਣ 'ਤੇ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਅਤੇ ਜਾਂਚ ਸ਼ੁਰੂ ਕਰ ਦਿੱਤੀ। ਮ੍ਰਿਤਕ ਦੀ ਪਛਾਣ ਪਿੰਡ ਪੰਗਾਲਾ ਦੇ ਰਹਿਣ ਵਾਲੇ ਵਿਕਰਮ (27) ਵਜੋਂ ਹੋਈ ਹੈ। ਪੁਲਿਸ ਨੇ ਵੀਰਵਾਰ ਨੂੰ ਲਾਸ਼ ਦਾ ਪੋਸਟਮਾਰਟਮ ਕਰਵਾਇਆ ਅਤੇ ਹੁਣ ਰਿਪੋਰਟ ਦੀ ਉਡੀਕ ਕੀਤੀ ਜਾ ਰਹੀ ਹੈ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੁਲਿਸ ਹਰ ਪੱਖ ਤੋਂ ਜਾਂਚ ਕਰ ਰਹੀ ਹੈ। ਮ੍ਰਿਤਕ ਦੀ ਮਾਂ ਪ੍ਰਕਾਸ਼ੀ ਦੇਵੀ ਨੇ ਦੱਸਿਆ ਕਿ ਉਹ ਬੁੱਧਵਾਰ ਨੂੰ ਪਿੰਡ ਤੋਂ ਬਾਹਰ ਇੱਕ ਮੰਦਰ ਗਈ ਹੋਈ ਸੀ। ਜਦੋਂ ਉਹ ਘਰ ਵਾਪਸ ਆਈ ਤਾਂ ਉਸ ਨੇ ਆਪਣੇ ਪੁੱਤਰ ਨੂੰ ਕਮਰੇ ਵਿੱਚ ਫਾਹੇ ਨਾਲ ਲਟਕਦਾ ਦੇਖਿਆ। ਉਨ੍ਹਾਂ ਦਾ ਕਹਿਣਾ ਹੈ ਕਿ ਵਿਕਰਮ ਦੇ ਪੈਰ ਜ਼ਮੀਨ ਨੂੰ ਛੂਹ ਰਹੇ ਸਨ, ਜਿਸ ਕਾਰਨ ਉਨ੍ਹਾਂ ਨੂੰ ਇਸ ਘਟਨਾ 'ਤੇ ਸ਼ੱਕ ਹੋਇਆ। ਪ੍ਰਕਾਸ਼ੀ ਦੇਵੀ ਨੇ ਪਿੰਡ ਦੇ ਹੀ ਦੋ ਨੌਜਵਾਨਾਂ ਮੁੰਨਾ ਅਤੇ ਕੱਲੂ 'ਤੇ ਆਪਣੇ ਪੁੱਤਰ ਦੇ ਕਤਲ ਦਾ ਦੋਸ਼ ਲਗਾਇਆ ਹੈ। ਉਨ੍ਹਾਂ ਦਾ ਦਾਅਵਾ ਹੈ ਕਿ ਦੋਵਾਂ ਨੇ ਪਹਿਲਾਂ ਵਿਕਰਮ ਦੀ ਹੱਤਿਆ ਕੀਤੀ ਅਤੇ ਬਾਅਦ ਵਿੱਚ ਇਸ ਨੂੰ ਖੁਦਕੁਸ਼ੀ ਦਾ ਰੂਪ ਦੇਣ ਲਈ ਲਾਸ਼ ਨੂੰ ਫਾਹੇ ਨਾਲ ਲਟਕਾ ਦਿੱਤਾ। ਪਰਿਵਾਰ ਅਤੇ ਪਿੰਡ ਦੇ ਕੁਝ ਲੋਕਾਂ ਵੱਲੋਂ ਲਾਸ਼ ਨੂੰ ਅੰਤਿਮ ਸੰਸਕਾਰ ਲਈ ਸ਼ਮਸ਼ਾਨਘਾਟ ਲਿਜਾਇਆ ਗਿਆ ਸੀ, ਪਰ ਕਤਲ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ।

ਜਨ ਸਮੱਸਿਆਵਾਂ ਦੇ ਤੁਰੰਤ ਹੱਲ ਅਤੇ ਵਿਕਾਸ ਕਾਰਜਾਂ ਨੂੰ ਪਹਿਲ: ਸ਼੍ਰੁਤੀ ਚੌਧਰੀ

ਰੋਹਤਕ ਦੌਰੇ ਦੌਰਾਨ ਗ੍ਰੀਵੈਂਸ ਕਮੇਟੀ ਦੀ ਮੀਟਿੰਗ ਵਿੱਚ 12 ਵਿੱਚੋਂ 8 ਮਾਮਲਿਆਂ ਦਾ ਮੌਕੇ 'ਤੇ ਨਿਪਟਾਰਾ

ਸਮਰ ਨਿਊਜ਼ | ਰੋਹਤਕ

ਹਰਿਆਣਾ ਦੀ ਸਿੰਚਾਈ ਅਤੇ ਮਹਿਲਾ ਤੇ ਬਾਲ ਵਿਕਾਸ ਮੰਤਰੀ ਸ਼੍ਰੁਤੀ ਚੌਧਰੀ ਨੇ ਰੋਹਤਕ ਦੌਰੇ ਦੌਰਾਨ ਜ਼ਿਲ੍ਹਾ ਕਸ਼ਟ ਨਿਵਾਰਣ ਕਮੇਟੀ (ਗ੍ਰੀਵੈਂਸ ਕਮੇਟੀ) ਦੀ ਮੀਟਿੰਗ ਦੀ ਅਗਵਾਈ ਕਰਦਿਆਂ ਅਧਿਕਾਰੀਆਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਆਮ ਲੋਕਾਂ ਦੀਆਂ ਮੁਸ਼ਕਲਾਂ ਦੇ ਨਿਪਟਾਰੇ ਅਤੇ ਖੇਤਰੀ ਵਿਕਾਸ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ। ਮੀਟਿੰਗ ਦੌਰਾਨ ਕੁੱਲ 12 ਏਜੰਡਾ ਮਾਮਲਿਆਂ 'ਤੇ ਚਰਚਾ ਕੀਤੀ ਗਈ, ਜਿਨ੍ਹਾਂ ਵਿੱਚੋਂ 8 ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕਰ ਦਿੱਤਾ ਗਿਆ। ਬਾਕੀ ਮਾਮਲਿਆਂ ਦੇ ਹੱਲ ਲਈ ਸਬੰਧਤ ਵਿਭਾਗਾਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਗਏ। ਮੰਤਰੀ ਨੇ ਅਧਿਕਾਰੀਆਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਹਰ ਮਾਮਲੇ ਦਾ ਸਮੇਂ ਸਿਰ ਹੱਲ ਕੀਤਾ ਜਾਣਾ ਚਾਹੀਦਾ ਹੈ। ਸ਼੍ਰੁਤੀ ਚੌਧਰੀ ਨੇ ਖੇਤਰ ਦੇ ਵਿਕਾਸ ਨਾਲ ਜੁੜੀਆਂ ਕਈ ਮਹੱਤਵਪੂਰਨ ਯੋਜਨਾਵਾਂ ਦੀ ਜਾਣਕਾਰੀ ਵੀ ਦਿੱਤੀ। ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਇਲਾਕਿਆਂ ਨੂੰ ਰਾਹਤ ਦੇਣ ਲਈ 19 ਪਿੰਡਾਂ ਲਈ ਲਗਭਗ 24.36 ਕਰੋੜ ਰੁਪਏ ਦੀ ਵਿਸ਼ੇਸ਼ ਯੋਜਨਾ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਯੋਜਨਾ ਦੇ ਪੂਰਾ ਹੋਣ ਨਾਲ ਹੜ੍ਹ ਦੀ ਸਮੱਸਿਆ 'ਤੇ ਪ੍ਰਭਾਵਸ਼ਾਲੀ ਕਾਬੂ ਪਾਇਆ ਜਾ ਸਕੇਗਾ। ਪੀਣ ਵਾਲੇ ਪਾਣੀ ਦੀ ਸਮੱਸਿਆ ਬਾਰੇ ਉਨ੍ਹਾਂ ਕਿਹਾ ਕਿ ਰੋਹਤਕ ਵਿੱਚ ਪਾਣੀ ਦੀ ਨਿਰੰਤਰ ਉਪਲਬਧਤਾ ਯਕੀਨੀ ਬਣਾਉਣ ਲਈ ਇੱਕ ਵਿਆਪਕ ਪ੍ਰਾਜੈਕਟ 'ਤੇ ਕੰਮ ਕੀਤਾ ਜਾ ਰਿਹਾ ਹੈ, ਜਿਸ ਨਾਲ ਭਵਿੱਖ ਵਿੱਚ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਕਮੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਤੋਂ ਇਲਾਵਾ ਉਨ੍ਹਾਂ ਝੱਜਰ ਸਬ-ਬ੍ਰਾਂਚ ਨਹਿਰ ਦੇ ਆਧੁਨਿਕੀਕਰਨ ਦਾ ਵੀ ਐਲਾਨ ਕੀਤਾ। ਉਨ੍ਹਾਂ ਦੱਸਿਆ ਕਿ 1994 ਤੋਂ ਬਾਅਦ ਪਹਿਲੀ ਵਾਰ ਇਸ ਨਹਿਰ ਦੀ ਲਾਈਨਿੰਗ ਅਤੇ ਰੀ-ਮਾਡਲਿੰਗ ਦਾ ਕੰਮ ਕਰਵਾਇਆ ਜਾਵੇਗਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਨਿਰਦੇਸ਼ਾਂ 'ਤੇ ਲਗਭਗ 14 ਕਰੋੜ ਰੁਪਏ ਦੀ ਲਾਗਤ ਨਾਲ ਇਸ ਪ੍ਰਾਜੈਕਟ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ। ਮੰਤਰੀ ਨੇ ਕਿਹਾ ਕਿ ਇਨ੍ਹਾਂ ਵਿਕਾਸ ਯੋਜਨਾਵਾਂ ਦੇ ਪੂਰਾ ਹੋਣ ਨਾਲ ਸਿੰਚਾਈ ਪ੍ਰਣਾਲੀ ਹੋਰ ਮਜ਼ਬੂਤ ਹੋਵੇਗੀ, ਕਿਸਾਨਾਂ ਨੂੰ ਸਿੱਧਾ ਲਾਭ ਮਿਲੇਗਾ ਅਤੇ ਹੜ੍ਹ ਤੇ ਪੀਣ ਵਾਲੇ ਪਾਣੀ ਵਰਗੀਆਂ ਸਮੱਸਿਆਵਾਂ ਦਾ ਲੰਬੇ ਸਮੇਂ ਲਈ ਹੱਲ ਸੰਭਵ ਹੋ ਸਕੇਗਾ।

ਆਈਏਐਸ ਆਰ.ਕੇ. ਸਿੰਘ ਤਿੰਨ ਦਿਨਾਂ ਦੇ ਸੀਬੀਆਈ ਰਿਮਾਂਡ 'ਤੇ

ਸਮਰ ਨਿਊਜ਼ | ਪੰਚਕੂਲਾ



ਪੰਚਕੂਲਾ ਨਗਰ ਨਿਗਮ ਫੰਡ ਨਾਲ ਜੁੜੇ ਕਥਿਤ ਕਰੋੜਾਂ ਰੁਪਏ ਦੇ ਬੈਂਕ ਧੋਖਾਧੜੀ ਮਾਮਲੇ ਵਿੱਚ ਗ੍ਰਿਫ਼ਤਾਰ ਆਈਏਐਸ ਅਧਿਕਾਰੀ ਆਰ.ਕੇ. ਸਿੰਘ ਨੂੰ ਸ਼ੁੱਕਰਵਾਰ ਨੂੰ ਸੀਬੀਆਈ ਦੀ ਵਿਸ਼ੇਸ਼ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਮਾਮਲੇ ਦੀ ਗੰਭੀਰਤਾ ਅਤੇ ਜਾਂਚ ਦੀ ਲੋੜ ਨੂੰ ਦੇਖਦਿਆਂ ਸੀਬੀਆਈ ਨੇ ਅਦਾਲਤ ਕੋਲ ਮੁਲਜ਼ਮ ਦਾ ਰਿਮਾਂਡ ਮੰਗਿਆ। ਦੋਵਾਂ ਪੱਖਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਅਦਾਲਤ ਨੇ ਆਰ.ਕੇ. ਸਿੰਘ ਨੂੰ ਤਿੰਨ ਦਿਨਾਂ ਦੇ ਸੀਬੀਆਈ ਰਿਮਾਂਡ 'ਤੇ ਭੇਜਣ ਦੇ ਹੁਕਮ ਜਾਰੀ ਕੀਤੇ। ਹੁਣ ਸੀਬੀਆਈ ਰਿਮਾਂਡ ਦੌਰਾਨ ਮੁਲਜ਼ਮ ਤੋਂ ਡੂੰਘਾਈ ਨਾਲ ਪੁੱਛਗਿੱਛ ਕਰੇਗੀ। ਜਾਂਚ ਏਜੰਸੀ ਵਿੱਤੀ ਲੈਣ-ਦੇਣ, ਬੈਂਕ ਖਾਤਿਆਂ ਅਤੇ ਮਾਮਲੇ ਨਾਲ ਸਬੰਧਤ ਦਸਤਾਵੇਜ਼ਾਂ ਦੀ ਬਾਰੀਕੀ ਨਾਲ ਜਾਂਚ ਕਰ ਰਹੀ ਹੈ। ਇਸ ਦੇ ਨਾਲ ਹੀ ਇਹ ਵੀ ਪਤਾ ਲਗਾਇਆ ਜਾਵੇਗਾ ਕਿ ਕਥਿਤ ਬੇਨਿਯਮੀਆਂ ਅਤੇ ਧਨ ਦੇ ਲੈਣ-ਦੇਣ ਵਿੱਚ ਹੋਰ ਕਿਹੜੇ ਵਿਅਕਤੀਆਂ ਦੀ ਭੂਮਿਕਾ ਰਹੀ ਅਤੇ ਪੂਰੇ ਨੈੱਟਵਰਕ ਨੂੰ ਕਿਸ ਤਰੀਕੇ ਨਾਲ ਚਲਾਇਆ ਗਿਆ। ਸੀਬੀਆਈ ਕਥਿਤ ਲਾਭਪਾਤਰੀਆਂ ਦੀ ਪਛਾਣ ਕਰਨ ਦੇ ਨਾਲ-ਨਾਲ ਫੰਡ ਦੀ ਵਰਤੋਂ ਅਤੇ ਧਨਰਾਸ਼ੀ ਦੇ ਪੂਰੇ ਪ੍ਰਵਾਹ ਦੀ ਵੀ ਜਾਂਚ ਕਰ ਰਹੀ ਹੈ। ਪੰਚਕੂਲਾ ਨਗਰ ਨਿਗਮ ਫੰਡ ਨਾਲ ਜੁੜੇ ਇਸ ਕਥਿਤ ਘਪਲੇ ਅਤੇ ਬੈਂਕਿੰਗ ਬੇਨਿਯਮੀਆਂ ਦੀ ਜਾਂਚ ਕਾਫ਼ੀ ਸਮੇਂ ਤੋਂ ਸੀਬੀਆਈ ਵੱਲੋਂ ਕੀਤੀ ਜਾ ਰਹੀ ਹੈ। ਇਸ ਮਾਮਲੇ ਵਿੱਚ ਪਹਿਲਾਂ ਵੀ ਕਈ ਵਿੱਤੀ ਰਿਕਾਰਡਾਂ ਅਤੇ ਮਹੱਤਵਪੂਰਨ ਦਸਤਾਵੇਜ਼ਾਂ ਦੀ ਜਾਂਚ ਕੀਤੀ ਜਾ ਚੁੱਕੀ ਹੈ।

ਨੀਟ ਰੀ-ਪ੍ਰੀਖਿਆ ਦੇ ਉਮੀਦਵਾਰਾਂ ਲਈ ਵੱਡੀ ਰਾਹਤ

ਸਮਰ ਨਿਊਜ਼ | ਲਾਲੜੂ/ਪਾਣੀਪਤ

ਹਰਿਆਣਾ ਸਰਕਾਰ ਨੇ ਨੀਟ ਰੀ-ਪ੍ਰੀਖਿਆ ਵਿੱਚ ਸ਼ਾਮਲ ਹੋਣ ਵਾਲੇ ਉਮੀਦਵਾਰਾਂ ਨੂੰ ਵੱਡੀ ਰਾਹਤ ਦਿੰਦਿਆਂ ਹਰਿਆਣਾ ਰੋਡਵੇਜ਼ ਦੀਆਂ ਬੱਸਾਂ ਵਿੱਚ ਮੁਫ਼ਤ ਯਾਤਰਾ ਦੀ ਸਹੂਲਤ ਦੇਣ ਦਾ ਫ਼ੈਸਲਾ ਕੀਤਾ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਨਿਰਦੇਸ਼ਾਂ 'ਤੇ ਲਾਗੂ ਕੀਤੀ ਗਈ ਇਸ ਵਿਵਸਥਾ ਦਾ ਉਦੇਸ਼ ਵਿਦਿਆਰਥੀਆਂ ਨੂੰ ਬਿਨਾਂ ਕਿਸੇ ਵਾਧੂ ਖ਼ਰਚ ਦੇ ਪ੍ਰੀਖਿਆ ਕੇਂਦਰ ਤੱਕ ਆਸਾਨੀ ਨਾਲ ਪਹੁੰਚਾਉਣਾ ਹੈ। ਸਰਕਾਰੀ ਬੁਲਾਰੇ ਅਨੁਸਾਰ, 21 ਜੂਨ 2026 ਨੂੰ ਹੋਣ ਵਾਲੀ ਨੀਟ ਰੀ-ਪ੍ਰੀਖਿਆ ਵਿੱਚ ਸ਼ਾਮਲ ਹੋਣ ਵਾਲੇ ਉਮੀਦਵਾਰ 20 ਅਤੇ 21 ਜੂਨ ਨੂੰ ਹਰਿਆਣਾ ਰੋਡਵੇਜ਼ ਦੀਆਂ ਸਾਧਾਰਨ (ਆਰਡੀਨਰੀ) ਬੱਸਾਂ ਵਿੱਚ ਮੁਫ਼ਤ ਸਫ਼ਰ ਕਰ ਸਕਣਗੇ। ਇਹ ਸਹੂਲਤ ਪ੍ਰੀਖਿਆ ਕੇਂਦਰ ਤੱਕ ਜਾਣ ਅਤੇ ਵਾਪਸ ਆਉਣ ਦੋਵਾਂ ਲਈ ਉਪਲਬਧ ਹੋਵੇਗੀ। ਇਸ ਸਬੰਧੀ ਟਰਾਂਸਪੋਰਟ ਵਿਭਾਗ ਵੱਲੋਂ ਸਾਰੇ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਇਹ ਸਹੂਲਤ ਸਿਰਫ਼ ਆਰਡੀਨਰੀ ਬੱਸਾਂ ਵਿੱਚ ਹੀ ਮਿਲੇਗੀ।

ਏਸੀ ਅਤੇ ਵੋਲਵੋ ਬੱਸਾਂ ਵਿੱਚ ਸਫ਼ਰ ਕਰਨ ਵਾਲੇ ਉਮੀਦਵਾਰਾਂ ਨੂੰ ਨਿਯਮਾਂ ਅਨੁਸਾਰ ਕਿਰਾਇਆ ਅਦਾ ਕਰਨਾ ਹੋਵੇਗਾ। ਮੁਫ਼ਤ ਯਾਤਰਾ ਦਾ ਲਾਭ ਲੈਣ ਲਈ ਵਿਦਿਆਰਥੀਆਂ ਨੂੰ ਕਿਸੇ ਵੱਖਰੇ ਪਾਸ ਦੀ ਲੋੜ ਨਹੀਂ ਹੋਵੇਗੀ। ਬੱਸ ਵਿੱਚ ਸਫ਼ਰ ਦੌਰਾਨ ਉਨ੍ਹਾਂ ਨੂੰ ਆਪਣਾ ਵੈਧ ਨੀਟ ਐਡਮਿਟ ਕਾਰਡ ਅਤੇ ਇੱਕ ਪਛਾਣ ਪੱਤਰ ਦਿਖਾਉਣਾ ਹੋਵੇਗਾ। ਦਸਤਾਵੇਜ਼ਾਂ ਦੀ ਜਾਂਚ ਤੋਂ ਬਾਅਦ ਉਨ੍ਹਾਂ ਨੂੰ ਜ਼ੀਰੋ ਕਿਰਾਇਆ ਟਿਕਟ ਜਾਰੀ ਕੀਤਾ ਜਾਵੇਗਾ। ਸਰਕਾਰ ਦਾ ਕਹਿਣਾ ਹੈ ਕਿ ਇਸ ਪਹਿਲ ਦਾ ਮਕਸਦ ਵਿਦਿਆਰਥੀਆਂ ਨੂੰ ਪ੍ਰੀਖਿਆ ਦੌਰਾਨ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਉਨ੍ਹਾਂ ਦੀਆਂ ਯਾਤਰਾ ਸਬੰਧੀ ਮੁਸ਼ਕਲਾਂ ਨੂੰ ਘਟਾਉਣਾ ਹੈ। ਇਸ ਫ਼ੈਸਲੇ ਨਾਲ ਲੰਬੀ ਦੂਰੀ ਤੋਂ ਪ੍ਰੀਖਿਆ ਕੇਂਦਰਾਂ 'ਤੇ ਪਹੁੰਚਣ ਵਾਲੇ ਵਿਦਿਆਰਥੀਆਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਮਾਪਿਆਂ 'ਤੇ ਪੈਣ ਵਾਲਾ ਵਾਧੂ ਆਰਥਿਕ ਬੋਝ ਵੀ ਘਟੇਗਾ। ਹਰਿਆਣਾ ਸਰਕਾਰ ਨੇ ਭਰੋਸਾ ਦਿੱਤਾ ਹੈ ਕਿ ਵਿਦਿਆਰਥੀਆਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਭਵਿੱਖ ਵਿੱਚ ਵੀ ਅਜਿਹੀਆਂ ਲੋਕ-ਹਿਤੈਸ਼ੀ ਪਹਿਲਾਂ ਜਾਰੀ ਰੱਖੀਆਂ ਜਾਣਗੀਆਂ।

ਕਰਜ਼ੇ ਦੇ ਦਬਾਅ ਨੇ ਨੌਜਵਾਨ ਨੂੰ ਬਣਾਇਆ ਡਬਲ ਮਰਡਰ ਦਾ ਮੁਲਜ਼ਮ

ਸਮਰ ਨਿਊਜ਼ | ਲਾਲੜੂ/ਪਾਣੀਪਤ

ਜਾਇਦਾਦੀ ਵਿਵਾਦ ਅਤੇ ਕਰਜ਼ੇ ਦੀਆਂ ਕਿਸ਼ਤਾਂ ਦੇ ਦਬਾਅ ਨੇ ਇੱਕ ਨੌਜਵਾਨ ਨੂੰ ਅਜਿਹੇ ਜੁਰਮ ਦੇ ਰਾਹ 'ਤੇ ਧੱਕ ਦਿੱਤਾ ਕਿ ਉਸ ਨੇ ਕੁਝ ਹੀ ਘੰਟਿਆਂ ਦੇ ਅੰਦਰ ਆਪਣੇ ਚਾਚੇ ਅਤੇ ਕਰੀਬੀ ਦੋਸਤ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ। ਪੰਜਾਬ ਦੇ ਲਾਲੜੂ ਅਤੇ ਹਰਿਆਣਾ ਦੇ ਪਾਣੀਪਤ ਵਿੱਚ ਵਾਪਰੀ ਇਸ ਸਨਸਨੀਖੇਜ਼ ਵਾਰਦਾਤ ਨਾਲ ਦੋਵਾਂ ਰਾਜਾਂ ਵਿੱਚ ਹੜਕੰਪ ਮਚ ਗਿਆ। ਪੁਲਿਸ ਨੇ ਘਟਨਾ ਤੋਂ ਕੁਝ ਘੰਟਿਆਂ ਬਾਅਦ ਹੀ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਮੁਤਾਬਕ ਮੁਲਜ਼ਮ ਦੀ ਪਛਾਣ ਸਾਹਿਲ ਮਲਿਕ (24) ਵਜੋਂ ਹੋਈ ਹੈ, ਜੋ ਪਾਣੀਪਤ ਦਾ ਰਹਿਣ ਵਾਲਾ ਹੈ। ਮ੍ਰਿਤਕਾਂ ਵਿੱਚ ਡੇਰਾਬੱਸੀ ਦੇ ਪ੍ਰਾਪਰਟੀ ਕਾਰੋਬਾਰੀ ਰਾਹੁਲ ਮਲਿਕ (45) ਅਤੇ ਪਾਣੀਪਤ ਦੇ ਅੰਕੁਸ਼ ਅਗਰਵਾਲ (25) ਸ਼ਾਮਲ ਹਨ। ਰਾਹੁਲ ਮਲਿਕ ਸਥਾਨਕ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਵੀ ਸਨ, ਜਦਕਿ ਅੰਕੁਸ਼ ਇੱਕ ਸੀਮੈਂਟ ਏਜੰਸੀ ਵਿੱਚ ਅਕਾਊਂਟੈਂਟ ਵਜੋਂ ਕੰਮ ਕਰਦਾ ਸੀ ਅਤੇ ਉਸ ਦਾ ਵਿਆਹ ਤਿੰਨ ਮਹੀਨੇ ਪਹਿਲਾਂ ਹੀ ਹੋਇਆ ਸੀ। ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਸਾਹਿਲ ਦੇ ਪਰਿਵਾਰ ਅਤੇ ਰਾਹੁਲ ਮਲਿਕ ਵਿਚਾਲੇ ਕਈ ਸਾਲਾਂ ਤੋਂ ਜਾਇਦਾਦ ਨੂੰ ਲੈ ਕੇ ਵਿਵਾਦ ਚੱਲ ਰਿਹਾ ਸੀ। ਦੱਸਿਆ ਜਾ ਰਿਹਾ ਹੈ ਕਿ ਲਗਭਗ ਦੋ ਦਹਾਕੇ ਪਹਿਲਾਂ ਸਾਹਿਲ ਦੇ ਪਿਤਾ ਵੱਲੋਂ ਲਿਆ ਗਿਆ ਹੋਮ ਲੋਨ ਚੁਕਾਉਣ ਤੋਂ ਬਾਅਦ ਰਾਹੁਲ ਮਲਿਕ ਨੇ ਪਰਿਵਾਰ ਨੂੰ ਘਰ ਤੋਂ ਬੇਦਖ਼ਲ ਕਰ ਦਿੱਤਾ ਸੀ। ਇਸੇ ਗੱਲ ਨੂੰ ਲੈ ਕੇ ਸਾਹਿਲ ਦੇ ਮਨ ਵਿੱਚ ਆਪਣੇ ਚਾਚੇ ਪ੍ਰਤੀ ਗਹਿਰੀ ਰੰਜਿਸ਼ ਸੀ। ਪੁਲਿਸ ਅਨੁਸਾਰ ਸ਼ਾਮ ਸਮੇਂ ਸਾਹਿਲ ਲਾਲੜੂ ਦੇ ਘੋਲੂਮਾਜਰਾ ਸਥਿਤ ਰਾਹੁਲ ਮਲਿਕ ਦੇ ਦਫ਼ਤਰ ਪਹੁੰਚਿਆ। ਉੱਥੇ ਮੌਜੂਦ ਲੋਕਾਂ ਨੂੰ ਬਾਹਰ ਭੇਜਣ ਤੋਂ ਬਾਅਦ ਉਸ ਨੇ ਰਾਹੁਲ 'ਤੇ ਗੋਲੀਆਂ ਚਲਾ ਦਿੱਤੀਆਂ। ਕਤਲ ਕਰਨ ਤੋਂ ਬਾਅਦ ਉਹ ਲਾਸ਼ ਨੂੰ ਆਪਣੀ ਕਾਰ ਵਿੱਚ ਰੱਖ ਕੇ ਕਰੀਬ 150 ਕਿਲੋਮੀਟਰ ਦੂਰ ਪਾਣੀਪਤ ਲੈ ਗਿਆ। ਇਸ ਤੋਂ ਬਾਅਦ ਉਸ ਨੇ ਆਪਣੇ ਦੋਸਤ ਅੰਕੁਸ਼ ਅਗਰਵਾਲ ਨੂੰ ਫੋਨ ਕਰਕੇ ਮਿਲਣ ਲਈ ਬੁਲਾਇਆ। ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਕਾਰ ਲੋਨ ਦੀਆਂ ਕਿਸ਼ਤਾਂ ਨੂੰ ਲੈ ਕੇ ਦੋਵਾਂ ਵਿਚਕਾਰ ਤਣਾਅ ਚੱਲ ਰਿਹਾ ਸੀ। ਜਿਵੇਂ ਹੀ ਅੰਕੁਸ਼ ਕਾਰ ਵਿੱਚ ਬੈਠਿਆ, ਸਾਹਿਲ ਨੇ ਉਸ ਨੂੰ ਵੀ ਗੋਲੀ ਮਾਰ ਦਿੱਤੀ। ਦੋਵੇਂ ਕਤਲ ਕਰਨ ਤੋਂ ਬਾਅਦ ਉਹ ਲਾਸ਼ਾਂ ਨੂੰ ਪਾਣੀਪਤ ਦੇ ਸਿਵਾਹ ਨਹਿਰ ਇਲਾਕੇ ਵਿੱਚ ਸੁੱਟ ਕੇ ਫ਼ਰਾਰ ਹੋ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਨੇ ਕਈ ਜ਼ਿਲ੍ਹਿਆਂ ਵਿੱਚ ਅਲਰਟ ਜਾਰੀ ਕਰ ਦਿੱਤਾ। ਵਾਹਨ ਦੀ ਲੋਕੇਸ਼ਨ ਅਤੇ ਤਕਨੀਕੀ ਜਾਂਚ ਦੇ ਆਧਾਰ 'ਤੇ ਮੁਲਜ਼ਮ ਦਾ ਪਿੱਛਾ ਕੀਤਾ ਗਿਆ ਅਤੇ ਕੁਝ ਹੀ ਘੰਟਿਆਂ ਵਿੱਚ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਮਾਮਲੇ ਵਿੱਚ ਲਾਲੜੂ ਅਤੇ ਸਮਾਲਖਾ ਥਾਣਿਆਂ ਵਿੱਚ ਕਤਲ ਦੇ ਵੱਖ-ਵੱਖ ਕੇਸ ਦਰਜ ਕੀਤੇ ਗਏ ਹਨ। ਪੁਲਿਸ ਅਧਿਕਾਰੀਆਂ ਮੁਤਾਬਕ ਰਾਹੁਲ ਮਲਿਕ ਦੇ ਸਰੀਰ 'ਤੇ ਗਰਦਨ, ਪੇਟ ਅਤੇ ਕਮਰ ਵਿੱਚ ਗੋਲੀਆਂ ਲੱਗਣ ਦੇ ਨਿਸ਼ਾਨ ਮਿਲੇ ਹਨ। ਦੋਵਾਂ ਲਾਸ਼ਾਂ ਦਾ ਪੋਸਟਮਾਰਟਮ ਪਾਣੀਪਤ ਵਿੱਚ ਕਰਵਾਇਆ ਗਿਆ ਹੈ। ਫਿਲਹਾਲ ਪੁਲਿਸ ਮੁਲਜ਼ਮ ਤੋਂ ਪੁੱਛਗਿੱਛ ਕਰ ਰਹੀ ਹੈ ਅਤੇ ਮਾਮਲੇ ਦੇ ਹਰ ਪੱਖ ਦੀ ਡੂੰਘਾਈ ਨਾਲ ਜਾਂਚ ਜਾਰੀ ਹੈ।

ਨਵ-ਨਿਯੁਕਤ ਹਰਿਆਣਾ ਭਾਜਪਾ ਸੂਬਾ ਪ੍ਰਧਾਨ ਨੇ ਕਿਹਾ ਕਿ ਵਿਕਸਤ ਭਾਰਤ ਪ੍ਰਤੀ ਵਚਨਬੱਧਤਾ ਇੱਕ ਤਰਜੀਹ

ਪਲਵਲ ਵਿੱਚ ਡਾ. ਅਰਚਨਾ ਗੁਪਤਾ ਦਾ ਸ਼ਾਨਦਾਰ ਸਵਾਗਤ

ਸਮਰ ਨਿਊਜ਼ | ਚੰਡੀਗੜ੍ਹ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਦੇ 12 ਸਾਲ ਪੂਰੇ ਹੋਣ 'ਤੇ ਚੱਲ ਰਹੇ ਜਨ ਸੰਪਰਕ, ਜਨ ਭਲਾਈ ਅਤੇ ਜਨ ਜਾਗਰੂਕਤਾ ਮੁਹਿੰਮ ਦੇ ਹਿੱਸੇ ਵਜੋਂ, ਪਲਵਲ ਦੇ ਅਲਾਪੁਰ ਦੇ ਮੋਨਾਰਕ ਬੈਂਕੁਇਟ ਹਾਲ ਵਿਖੇ ਇੱਕ ਬੁੱਧੀਜੀਵੀ ਸੰਮੇਲਨ ਅਤੇ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਭਾਜਪਾ ਹਰਿਆਣਾ ਦੀ ਨਵ-ਨਿਯੁਕਤ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸੂਬਾ ਪ੍ਰਧਾਨ ਬਣਨ ਤੋਂ ਬਾਅਦ ਪਹਿਲੀ ਵਾਰ ਪਲਵਲ ਆਈ ਡਾ. ਅਰਚਨਾ ਗੁਪਤਾ ਦਾ ਜ਼ਿਲ੍ਹੇ ਦੇ ਬੁੱਧੀਜੀਵੀਆਂ, ਸੀਨੀਅਰ ਨਾਗਰਿਕਾਂ, ਨੌਜਵਾਨਾਂ ਅਤੇ ਭਾਜਪਾ ਵਰਕਰਾਂ ਨੇ ਨਿੱਘਾ ਸਵਾਗਤ ਕੀਤਾ। ਉਨ੍ਹਾਂ ਦੇ ਆਉਣ 'ਤੇ ਵਰਕਰਾਂ ਵਿੱਚ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਵੱਡੀ ਗਿਣਤੀ ਵਿੱਚ ਲੋਕ ਇਸ ਸਮਾਗਮ ਵਿੱਚ ਸ਼ਾਮਲ ਹੋਏ। ਆਪਣੇ ਸੰਬੋਧਨ ਵਿੱਚ, ਡਾ. ਅਰਚਨਾ ਗੁਪਤਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਪਿਛਲੇ 12 ਸਾਲਾਂ ਦੌਰਾਨ ਦੇਸ਼ ਵਿੱਚ ਕੀਤੇ ਗਏ ਵਿਕਾਸ ਕਾਰਜਾਂ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਬੁਨਿਆਦੀ ਢਾਂਚੇ, ਉਦਯੋਗਿਕ ਵਿਕਾਸ, ਸਿੱਖਿਆ, ਖੇਤੀਬਾੜੀ, ਮਹਿਲਾ ਸਸ਼ਕਤੀਕਰਨ ਅਤੇ ਵਿਦੇਸ਼ ਨੀਤੀ ਦੇ ਖੇਤਰਾਂ ਵਿੱਚ ਇਤਿਹਾਸਕ ਪ੍ਰਾਪਤੀਆਂ ਪ੍ਰਾਪਤ ਕੀਤੀਆਂ ਹਨ। ਉਨ੍ਹਾਂ ਕਿਹਾ ਕਿ "ਇੱਕ ਜ਼ਿਲ੍ਹਾ, ਇੱਕ ਉਤਪਾਦ" ਵਰਗੀਆਂ ਯੋਜਨਾਵਾਂ ਨੇ ਸਥਾਨਕ ਪੱਧਰ 'ਤੇ ਆਰਥਿਕ ਵਿਕਾਸ ਨੂੰ ਇੱਕ ਨਵੀਂ ਦਿਸ਼ਾ ਦਿੱਤੀ ਹੈ ਅਤੇ ਸਵੈ-ਨਿਰਭਰ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ 2047 ਤੱਕ ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣ ਦੇ ਟੀਚੇ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ। ਪਲਵਲ ਦੇ ਲੋਕਾਂ ਦੁਆਰਾ ਦਿਖਾਏ ਗਏ ਪਿਆਰ ਅਤੇ ਸਤਿਕਾਰ ਲਈ ਧੰਨਵਾਦ ਪ੍ਰਗਟ ਕਰਦਿਆਂ, ਡਾ. ਗੁਪਤਾ ਨੇ ਕਿਹਾ ਕਿ ਉਨ੍ਹਾਂ ਦਾ ਵਿਸ਼ਵਾਸ ਉਨ੍ਹਾਂ ਨੂੰ ਸੰਗਠਨ ਅਤੇ ਸਮਾਜ ਦੀ ਸੇਵਾ ਕਰਨ ਲਈ ਨਵੀਂ ਊਰਜਾ ਪ੍ਰਦਾਨ ਕਰਦਾ ਹੈ। ਵਰਕਰਾਂ ਨੂੰ ਸੰਗਠਨ ਦੀ ਸਭ ਤੋਂ ਵੱਡੀ ਤਾਕਤ ਦੱਸਦਿਆਂ, ਸੂਬਾ ਪ੍ਰਧਾਨ ਨੇ ਉਨ੍ਹਾਂ ਨੂੰ ਸਮਾਜ ਅਤੇ ਰਾਸ਼ਟਰ ਦੀ ਭਲਾਈ ਲਈ ਇੱਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸਮਰਪਿਤ ਵਰਕਰਾਂ ਦੇ ਯਤਨਾਂ ਰਾਹੀਂ ਹੀ ਸੰਗਠਨ ਦਾ ਵਿਸਥਾਰ ਅਤੇ ਜਨਤਕ ਸੇਵਾ ਦੇ ਟੀਚੇ ਪ੍ਰਾਪਤ ਕੀਤੇ ਜਾ ਸਕਦੇ ਹਨ। ਇਸ ਸਮਾਗਮ ਵਿੱਚ ਹਰਿਆਣਾ ਦੇ ਖੇਡ ਰਾਜ ਮੰਤਰੀ ਗੌਰਵ ਗੌਤਮ, ਹੋਡਲ ਦੇ ਵਿਧਾਇਕ ਹਰਿੰਦਰ ਸਿੰਘ, ਫਰੀਦਾਬਾਦ ਦੇ ਮੇਅਰ ਪ੍ਰਵੀਨ ਜੋਸ਼ੀ, ਭਾਜਪਾ ਜ਼ਿਲ੍ਹਾ ਪ੍ਰਧਾਨ ਵਿਪਿਨ ਬੈਂਸਲਾ, ਸਾਬਕਾ ਮੰਤਰੀ ਡਾ. ਬਨਵਾਰੀ ਲਾਲ, ਸਾਬਕਾ ਮੰਤਰੀ ਜਗਦੀਸ਼ ਨਾਇਰ, ਸਾਬਕਾ ਵਿਧਾਇਕ ਦੀਪਕ ਮੰਗਲਾ, ਸਾਬਕਾ ਵਿਧਾਇਕ ਪ੍ਰਵੀਨ ਡਾਗਰ, ਅਰਵਿੰਦ ਯਾਦਵ, ਸੁਭਾਸ਼ ਕਤਿਆਲ, ਚਰਨ ਸਿੰਘ ਤੇਵਤੀਆ, ਜਵਾਹਰ ਸਿੰਘ ਸੋਰੋਟ ਅਤੇ ਸਮਾਜ ਸੇਵਕ ਮਨੋਜ ਰਾਵਤ ਸਮੇਤ ਕਈ ਪਤਵੰਤੇ ਮੌਜੂਦ ਸਨ।

ਕਾਨਫਰੰਸ ਦੌਰਾਨ ਸਿੱਖਿਆ, ਮਹਿਲਾ ਸਸ਼ਕਤੀਕਰਨ, ਸਮਾਜਿਕ ਜਾਗਰੂਕਤਾ ਅਤੇ ਨੌਜਵਾਨਾਂ ਦੇ ਭਵਿੱਖ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਚਰਚਾ ਕੀਤੀ ਗਈ। ਬੁਲਾਰਿਆਂ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਡਾ. ਅਰਚਨਾ ਗੁਪਤਾ ਦੀ ਅਗਵਾਈ ਹੇਠ, ਸੰਗਠਨ ਨਵੀਆਂ ਉਚਾਈਆਂ 'ਤੇ ਪਹੁੰਚੇਗਾ ਅਤੇ ਵਿਕਾਸ ਅਤੇ ਜਨਤਕ ਸੇਵਾ ਦੀ ਭਾਵਨਾ ਸਮਾਜ ਦੇ ਆਖਰੀ ਵਿਅਕਤੀ ਤੱਕ ਪਹੁੰਚੇਗੀ।

ਰੇਲਵੇ ਅਲਰਟ, ਉਮੀਦਵਾਰਾਂ ਦੀ ਸਹੂਲਤ ਲਈ ਵਿਸ਼ੇਸ਼ ਪ੍ਰਬੰਧ, ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਜਾਣਗੀਆਂ

ਸਮਰ ਨਿਊਜ਼ | ਅੰਬਾਲਾ

